


ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 27 ਦਸੰਬਰ 2024
Email:- lokbani08@gmail.com

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗੇ
easyvisa
8283 000800


R. N. I. Punpun/29016/2008 ✱ ਸਾਲ 16 , ✱ ਅੰਕ : 140, ✱ ਮੁੱਲ : 6 ਰੁਪਏ ✱ ਕੁੱਲ ਪੇਜ: 10 ✱ ਦਫਤਰ : 0181–2211009 ✱ M : 99155-94111

TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗ ਚੁੱਕੇ ਹਨ
easyvisa | 8283 000800

## ਭਾਰਤ -ਚੀਨੀ ਫੌਜ ਵੱਲੋਂ ਸਮਝੌਤੇ ਨੂੰ ਵਿਆਪਕ ਪੱਧਰ 'ਤੇ ਅਤੇ ਢੁੱਕਵੇਂ ਢੰਗ ਨਾਲ ਕੀਤਾ ਲਾਗੂ

**ਪੇਈਚਿੰਗ, ਲੋਕ ਬਾਣੀ** -ਚੀਨੀ ਰੱਖਿਆ ਮੰਤਰਾਲੇ ਨੇ ਅੱਜ ਕਿਹਾ ਕਿ ਪੂਰਬੀ ਲੱਦਾਖ ਵਿੱਚ ਟਕਰਾਅ ਖ਼ਤਮ ਕਰਨ ਲਈ ਭਾਰਤ ਅਤੇ ਚੀਨੀ ਫੌਜ ਵੱਲੋਂ ਸਮਝੌਤੇ ਨੂੰ ਵਿਆਪਕ ਪੱਧਰ 'ਤੇ ਅਤੇ ਢੁੱਕਵੇਂ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਚੀਨੀ ਰੱਖਿਆ ਮੰਤਰਾਲੇ ਦੇ ਤਰਜਮਾਨ ਸੀਨੀਅਰ ਕਰਨਲ ਜ਼ੈਂਗ ਸ਼ਿਆਓਗਾਂਗ ਨੇ 18 ਦਸੰਬਰ ਨੂੰ ਹੋਈ ਵਿਸ਼ੇਸ਼ ਪ੍ਰਤੀਨਿਧ ਵਾਰਤਾ ਬਾਰੇ ਮੀਡੀਆ ਵੱਲੋਂ ਪੁੱਛੇ ਗਏ ਇਕ ਸਵਾਲ ਦੇ ਜਵਾਬ 'ਚ ਇਹ ਟਿੱਪਣੀ ਕੀਤੀ।




ਉਨ੍ਹਾਂ ਕਿਹਾ ਕਿ ਸਮਝੌਤਾ ਲਾਗੂ ਕਰਨ 'ਚ ਲਗਾਤਾਰ ਪ੍ਰਗਤੀ ਹੋ ਰਹੀ ਹੈ।

## ਨਵੇਂ ਸਾਲ ਦਾ ਸਵਾਗਤ ਕਰਨ ਲਈ ਸਿਡਨੀ ਚ ਅੱਠ ਟਨ ਪਟਾਕੇ ਲਿਆਂਦੇ ਗਏ

**ਸਿਡਨੀ, ਲੋਕ ਬਾਣੀ-** ਸਿਡਨੀ ਵਿਚ ਨਵੇਂ ਸਾਲ (New Year 2025) ਦੀ ਆਮਦ ਦੇ ਜਸ਼ਨਾਂ 'ਤੇ ਕਰੀਬ ਅੱਠ ਟਨ ਪਟਾਕਿਆਂ ਲਈ 70 ਲੱਖ ਡਾਲਰ (G Million Australian Dollar) ਦਾ ਬਜਟ ਖਰਚ ਕੀਤਾ ਜਾ ਰਿਹਾ ਹੈ। ਇਹ ਧਰਤੀ 'ਤੇ ਕਿਤੇ ਵੀ ਹੋਣ ਵਾਲਾ ਨਵੇਂ ਸਾਲ ਦਾ ਸਭ ਤੋਂ ਵੱਡਾ ਜਸ਼ਨ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ। ਸਿਡਨੀ ਸ਼ਹਿਰ 'ਚ ਬਣੇ



ਪੁਲ ਹਾਰਬਰ ਬ੍ਰਿਜ ਦੇ ਨੇੜੇ ਹੀ ਦੁਨੀਆ ਦੇ ਅਜੂਬਿਆਂ 'ਚ ਸ਼ਾਮਲ ਓਪੇਰਾ ਹਾਊਸ (Sydney Opera House) ਬਣਿਆ ਹੋਇਆ ਹੈ।

## ਮਨਮੋਹਨ ਸਿੰਘ ਦੇ ਦੇਹਾਂਤ 'ਤੇ ਸੱਤ ਦਿਨ ਦਾ ਰਾਸ਼ਟਰੀ ਸ਼ੋਕ

**ਨਵੀਂ ਦਿੱਲੀ, ਲੋਕ ਬਾਣੀ-** ਕੇਂਦਰੀ ਸਰਕਾਰ ਨੇ ਅੱਜ ਇੱਥੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਹੋਏ ਦੇਹਾਂਤ ਤੋਂ ਬਾਅਦ ਉਨ੍ਹਾਂ ਦੇ ਸਨਮਾਨ ਵਿੱਚ ਸੱਤ ਦਿਨ ਦੇ ਰਾਸ਼ਟਰੀ ਸ਼ੋਕ ਦਾ ਐਲਾਨ ਕੀਤਾ ਹੈ। ਇਹ ਜਾਣਕਾਰੀ ਅਧਿਕਾਰੀਆਂ ਨੇ ਦਿੱਤੀ।

ਅਧਿਕਾਰੀਆਂ ਨੇ ਦੱਸਿਆ ਕਿ ਡਾ. ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਮੰਤਰੀ ਮੰਡਲ ਦੀ ਮੀਟਿੰਗ ਸੱਦੀ ਗਈ ਹੈ। ਉਨ੍ਹਾਂ ਦੱਸਿਆ ਕਿ ਮਨਮੋਹਨ ਸਿੰਘ ਦਾ ਅੰਤਿਮ



ਸੰਸਕਾਰ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇਗਾ।

## ਪੰਜਾਬ ਵਿੱਚ ਮੌਸਮ ਵਿਭਾਗ ਵਲੋਂ ਮੀਂਹ ਤੇ ਠੰਡ ਦਾ ਅਲਰਟ


**ਜਲੰਧਰ, ਲੋਕ ਬਾਣੀ** --ਪੰਜਾਬ ਵਿਚ ਅੱਜ ਤੋਂ ਮੌਸਮ ਕਰਵਟ ਲੈਣ ਜਾ ਰਿਹਾ ਹੈ। ਆਉਣ ਵਾਲੇ ਦਿਨਾਂ ਵਿਚ ਸੂਬੇ ਭਰ ਵਿਚ ਠੰਡ ਹੋਰ ਵੱਧ ਸਕਦੀ ਹੈ। ਮੌਸਮ ਵਿਭਾਗ ਨੇ ਅੱਜ ਸੂਬੇ ਦੇ ਕਈ ਜ਼ਿਲ੍ਹਿਆਂ ਵਿਚ ਝੱਖੜ-ਤੂਫਾਨ ਦੀ ਭਵਿੱਖਬਾਣੀ ਕੀਤੀ ਹੈ। ਇਸ ਦੇ ਨਾਲ ਹੀ 15 ਜ਼ਿਲ੍ਹਿਆਂ ਵਿਚ ਸੀਤ ਲਹਿਰ ਤੇ ਸੰਘਣੀ ਧੁੰਦ ਦਾ ਵੀ ਯੈਲੋ



ਅਲਰਟ ਜਾਰੀ ਕੀਤਾ ਗਿਆ ਹੈ। ਗੜ੍ਹੇਮਾਰੀ ਲਈ ਵੀ ਅਲਰਟ ਜਾਰੀ ਕੀਤਾ ਗਿਆ ਹੈ।

## ਸੁਪਰੀਮ ਕੋਰਟ ਵਿੱਚ ਟੀਡੀਐਸ, ਪ੍ਰਣਾਲੀ ਰੱਦ ਕਰਨ ਲਈ ਸੁਪਰੀਮ ਕੋਰਟ ਵਿੱਚ ਦਾਖਲ ਹੋਈ ਪਟੀਸ਼ਨ

**ਦਿੱਲੀ, ਲੋਕ ਬਾਣੀ-**ਟੀਡੀਐੱਸ (ਸਰੋਤ 'ਤੇ ਟੈਕਸ ਕਟੌਤੀ) ਪ੍ਰਣਾਲੀ ਰੱਦ ਕਰਨ ਦੀ ਮੰਗ ਕਰਦਿਆਂ ਅੱਜ ਸੁਪਰੀਮ ਕੋਰਟ 'ਚ ਜਨਹਿੱਤ ਪਟੀਸ਼ਨ ਦਾਖ਼ਲ ਕੀਤੀ ਗਈ ਹੈ। ਅਰਜ਼ੀ 'ਚ ਟੀਡੀਐੱਸ ਨੂੰ ਪੱਖਪਾਤੀ, ਤਰਕਹੀਣ ਅਤੇ ਬਰਾਬਰੀ ਸਮੇਤ ਵੱਖ ਵੱਖ ਬੁਨਿਆਦੀ



ਹੱਕਾਂ ਦੀ ਉਲੰਘਣਾ ਕਰਨ ਵਾਲਾ ਕਰਾਰ ਦਿੱਤਾ ਹੈ। ਜਨਹਿੱਤ ਪਟੀਸ਼ਨ 'ਚ ਇਨਕਮ ਟੈਕਸ ਐਕਟ ਤਹਿਤ ਟੀਡੀਐੱਸ ਢਾਂਚੇ ਨੂੰ ਚੁਣੌਤੀ ਦਿੱਤੀ ਗਈ ਹੈ, ਜਿਸ ਤਹਿਤ ਭੁਗਤਾਨਕਰਤਾ ਵੱਲੋਂ ਭੁਗਤਾਨ ਸਮੇਂ ਟੈਕਸ ਦੀ ਕਟੌਤੀ ਅਤੇ ਆਮਦਨ ਕਰ ਵਿਭਾਗ 'ਚ ਇਸ ਨੂੰ ਜਮਾਂ ਕਰਾਉਣਾ ਜ਼ਰੂਰੀ ਹੈ। ਕੱਟੀ ਗਈ ਰਕਮ ਨੂੰ ਟੈਕਸ ਅਦਾ ਕਰਨ ਸਮੇਂ ਅਡਜਸਟ ਕੀਤਾ ਜਾਂਦਾ ਹੈ।

## ਨਵੇਂ ਸਾਲ 'ਚ ਲੁਧਿਆਣਵੀਆਂ ਨੂੰ ਮਿਲ ਸਕਦੈ ਨਵਾਂ ਮੇਅਰ

**ਲੁਧਿਆਣਾ ਲੋਕ ਬਾਣੀ** -- ਪੰਜਾਬ ਦੀ ਸਭ ਤੋਂ ਵੱਡੀ ਨਗਰ ਨਿਗਮ ਲੁਧਿਆਣਾ ਵਿੱਚ ਬੇਸ਼ਕ ਆਮ ਆਦਮੀ ਪਾਰਟੀ ਸਭ ਤੋਂ ਵੱਧ ਸੀਟਾਂ ਲੈ ਕੇ ਵੱਡੀ ਪਾਰਟੀ ਬਣ ਉਭਰੀ ਹੈ ਪਰ ਪੰਜ ਦਿਨਾਂ ਬਾਅਦ ਵੀ ਹਾਲੇ ਮੇਅਰ ਐਲਾਨਣ ਲਾਇਕ ਬਹੁਮਤ ਪਾਰਟੀ ਕੋਲ ਨਹੀਂ ਬਣ ਸਕੀ ਹੈ। ਪਿਛਲੇ ਦਿਨੀਂ ਕੀਤੇ ਗਏ ਜੋੜ-ਤੋੜ ਮਗਰੋਂ ਹੁਣ ਆਮ ਆਦਮੀ




ਪਾਰਟੀ ਮੇਅਰ ਐਲਾਨਣ ਦੇ ਬਹੁਤ ਨੇੜੇ ਪਹੁੰਚ ਚੁੱਕੀ ਹੈ ਪਰ ਜਦੋਂ ਤੱਕ ਸਪੱਸ਼ਟ ਬਹੁਮਤ ਦਾ ਐਲਾਨ ਨਹੀਂ ਹੁੰਦਾ ਉਦੋਂ ਤੱਕ ਲੁਧਿਆਣਾ ਨਿਗਮ ਚੋਣਾਂ ਦੀ ਸਿਆਸਤ ਕਿਸੇ ਵੀ ਪਲੜੇ ਵੱਲ ਭਾਰੀ ਹੋ ਸਕਦੀ ਹੈ।

## ਪੁਲੀਸ ਮੁਲਾਜ਼ਮ ਦੇ ਵਤੀਰੇ ਤੋਂ ਨਾਰਾਜ਼ ਦੁਕਾਨਦਾਰਾਂ ਵੱਲੋਂ ਜਾਮ

**ਸੁਨਾਮ ਊਧਮ ਸਿੰਘ ਵਾਲਾ, ਲੋਕ ਬਾਣੀ-** ਇੱਥੇ ਨਵਾਂ ਬਾਜ਼ਾਰ 'ਚ ਖ਼ਰੀਦੋ-ਫਰੋਖਤ ਕਰਨ ਲਈ ਆਏ ਇੱਕ ਵਿਅਕਤੀ ਦੇ ਬਾਜ਼ਾਰ 'ਚ ਕਾਰ ਖੜ੍ਹੀ ਕਰਨ ਨੂੰ ਲੈ ਕੇ ਆਰਏਐੱਫ ਜਵਾਨ ਵੱਲੋਂ ਉਸ ਦਾ ਚਲਾਨ ਕਰਨ ਅਤੇ ਥਾਣੇ ਲਿਜਾਣ ਦਾ ਦਬਕਾ ਮਾਰਨ ਤੋਂ ਭੜਕੇ ਦੁਕਾਨਦਾਰਾਂ ਵੱਲੋਂ ਜਾਮ ਲਾਇਆ ਗਿਆ। ਇਸ ਸਬੰਧੀ ਦੁਕਾਨਦਾਰ ਅਨਿਲ ਜੈਦਕਾ, ਯਸ਼ਪਾਲ ਗੋਗੀਆ ਤੇ ਸੁਰਿੰਦਰ ਪਾਲ ਸਿੰਘ ਜੱਗੀ ਆਦਿ ਨੇ ਕਿਹਾ ਕਿ ਸ਼ਹਿਰ ਵਿੱਚ ਪਾਰਕਿੰਗ ਦੀ ਵਿਵਸਥਾ ਨਹੀਂ ਹੈ ਤੇ ਜੇ ਕੋਈ ਗਾਹਕ ਆਪਣਾ ਵਾਹਨ ਲੈ ਕੇ ਆਉਂਦਾ ਹੈ ਤਾਂ ਪੁਲੀਸ



ਵੱਲੋਂ ਉਸ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ ਜਿਸ ਕਾਰਨ ਦੁਕਾਨਦਾਰੀ ਦਾ ਕੰਮ ਪ੍ਰਭਾਵਿਤ ਹੁੰਦਾ ਹੈ। ਦੁਕਾਨਦਾਰ ਮੰਗ ਕਰੇ ਸਨ ਕਿ ਥਾਣਾ ਮੁਖੀ ਖੁਦ ਆ ਕੇ ਉਨ੍ਹਾਂ ਦੀ ਮੁਸ਼ਕਲ ਸੁਣਨ ਅਤੇ ਸਬੰਧਤ ਆਰਏਐੱਫ ਦਾ ਜਵਾਨ ਆ ਕੇ ਮੁਆਫ਼ੀ ਮੰਗੇ।

## ਪੁਲੀਸ ਮੁਕਾਬਲੇ 'ਚ ਗੈਂਗਸਟਰ ਜ਼ਖ਼ਮੀ

**ਜਲੰਧਰ, ਲੋਕ ਬਾਣੀ** --ਇੱਥੋਂ ਦੀ ਪੁਲੀਸ ਨਾਲ ਹੋਏ ਮੁਕਾਬਲੇ ਦੌਰਾਨ ਜੱਗੂ ਭਗਵਾਨਪੁਰੀਆ ਗੈਂਗ ਦਾ ਮੈਂਬਰ ਜ਼ਖਮੀ ਹੋ ਗਿਆ, ਜਿਸ ਕੋਲੋਂ ਹਥਿਆਰ ਬਰਾਮਦ ਹੋਏ ਹਨ। ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਵਿਵੇਕ ਮੱਟੂ ਉਰਫ਼ ਬਾਦਲ ਵਾਸੀ ਪੱਤੀ ਬਰੀ ਜੰਡਿਆਲਾ 'ਤੇ ਗੈਂਗਸਟਰ ਮਨਜੀਤ ਸਿੰਘ ਤੇ ਅਮਨਦੀਪ ਸਿੰਘ ਨੇ ਹਮਲਾ ਕੀਤਾ ਸੀ। ਉਨ੍ਹਾਂ ਦੱਸਿਆ ਕਿ ਜੱਗੂ ਭਗਵਾਨਪੁਰੀਆ ਗੈਂਗ ਦੇ ਦੋਵੇਂ ਗੈਂਗਸਟਰਾਂ ਨੇ ਵਿਵੇਕ 'ਤੇ ਗੋਲੀਆਂ ਚਲਾਈਆਂ, ਜਿਸ ਕਾਰਨ ਉਹ ਜ਼ਖਮੀ ਹੋ ਗਿਆ ਸੀ। ਪੁਲੀਸ ਨੇ ਉਨ੍ਹਾਂ 'ਤੇ ਅਸਲਾ ਐਕਟ ਤਹਿਤ ਕੇਸ ਦਰਜ ਕਰਨ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ। ਇਸ ਤੋਂ



ਬਾਅਦ ਇੱਕ ਹੋਰ ਮੁਲਜ਼ਮ ਦਵਿੰਦਰਪਾਲ ਸਿੰਘ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਮਨਜੀਤ ਸਿੰਘ ਤੇ ਅਮਨਦੀਪ ਸਿੰਘ ਵੱਲੋਂ ਦਿੱਤੀ ਸੂਚਨਾ 'ਤੇ ਪਿਸਤੌਲ ਤੇ ਰੌਂਦ ਬਰਾਮਦ ਹੋਏ। ਇਹ ਗੈਂਗਸਟਰ ਕਤਲ, ਧਮਕੀਆਂ, ਫਿਰੌਤੀ ਅਤੇ ਹੋਰ ਕਈ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਸਨ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਪਤਨੀ ਲਈ ਪਤੀ ਨੇ ਲਿਆ VRS, ਰਿਟਾਇਰਮੈਂਟ ਦੇ ਦਿਨ ਹੀ ਹੋਈ ਪਤਨੀ ਦੀ ਮੌਤ

ਕੋਟਾ (ਲੋਕ ਬਾਣੀ)-ਰਾਜਸਥਾਨ ਦੇ ਕੋਟਾ ਵਿੱਚ ਇੱਕ ਦਰਦਨਾਕ ਘਟਨਾ ਸਾਹਮਣੇ ਆਈ ਹੈ। ਦਰਅਸਲ, ਇੱਥੇ ਇੱਕ ਸਰਕਾਰੀ ਕਰਮਚਾਰੀ ਦੀ ਪਤਨੀ ਬਿਮਾਰ ਸੀ। ਅਜਿਹੇ ਚ ਪਤੀ ਨੇ ਸਵੈ-ਇੱਛਾ ਨਾਲ ਰਿਟਾਇਰਮੈਂਟ ਲੈ ਲਈ। ਪਰ ਇਸ ਦੌਰਾਨ ਜਦੋਂ ਰਿਟਾਇਰਮੈਂਟ ਪਾਰਟੀ ਚੱਲ ਰਹੀ ਸੀ ਤਾਂ ਉੱਥੇ ਬੈਠੀ ਉਸ ਦੀ ਪਤਨੀ ਦੀ ਮੌਤ ਹੋ ਗਈ।



ਦਰਅਸਲ ਦਵਿੰਦਰ ਸੰਦਲ ਸੈਂਟਰਲ ਵੇਅਰਹਾਊਸ ਦਾ ਮੈਨੇਜਰ ਸੀ। ਉਨ੍ਹਾਂ ਨੇ ਰਿਟਾਇਰਮੈਂਟ ਤੋਂ ਸਿਰਫ਼ ਤਿੰਨ ਸਾਲ ਪਹਿਲਾਂ 24 ਦਸੰਬਰ ਨੂੰ ਵੀਆਰਐਸ ਲਿਆ ਸੀ। ਮੰਗਲਵਾਰ ਨੂੰ ਉਨ੍ਹਾਂ ਦਾ ਦਫਤਰ ਚ ਆਖਰੀ ਦਿਨ ਸੀ। ਅਸਲ ਵਿਚ ਉਨ੍ਹਾਂ ਦੀ ਪਤਨੀ ਬੀਮਾਰ ਸੀ। ਇਸ ਕਾਰਨ ਉਨ੍ਹਾਂ ਨੇ ਵੀ.ਆਰ. ਐਸ. ਇਸ ਦੌਰਾਨ ਉਨ੍ਹਾਂ ਦੇ ਸਾਥੀਆਂ ਵੱਲੋਂ ਪਾਰਟੀ ਦਾ ਪ੍ਰਬੰਧ ਕੀਤਾ ਗਿਆ। ਸਵੇਰੇ ਦੇਵੇਂਦਰ ਦੇ ਨਾਲ ਉਨ੍ਹਾਂ ਦੀ ਪਤਨੀ ਦੀਪਿਕਾ ਉਰਫ ਟੀਨਾ ਵੀ ਡਕਾਨੀਆ ਸਥਿਤ ਦਫਤਰ ਪਹੁੰਚ ਗਈ।

ਇਸ ਪੂਰੀ ਘਟਨਾ ਦਾ ਵੀਡੀਓ ਸੋਸ਼ਲ ਮੀਡੀਆ ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਵਾਇਰਲ ਹੋ ਰਹੀ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਇੱਕ ਕਮਰੇ ਵਿੱਚ ਵਿਦਾਇਗੀ ਪਾਰਟੀ ਦਾ ਮਾਹੌਲ ਹੈ। ਇਸ ਦੌਰਾਨ ਦੇਵੇਂਦਰ ਸੰਦਲ, ਉਨ੍ਹਾਂ ਦੀ ਪਤਨੀ ਅਤੇ ਹੋਰ ਲੋਕ ਵੀ ਮੌਜੂਦ ਸਨ। ਇਸ ਦੌਰਾਨ ਦੀਪਿਕਾ ਇਹ ਕਹਿੰਦੀ ਦਿਖਾਈ ਦੇ ਰਹੀ ਹੈ ਕਿ ਉਨ੍ਹਾਂ ਨੂੰ ਚੱਕਰ ਆ ਰਹੇ ਹਨ ਅਤੇ ਉਹ ਵਾਪਸ ਆ ਕੇ ਆਪਣੀ ਕੁਰਸੀ ਤੇ ਬੈਠ ਗਈ। ਇਸ ਤੋਂ ਬਾਅਦ ਉਨ੍ਹਾਂ ਦੇ ਪਤੀ ਉਨ੍ਹਾਂ ਦੀ ਪਿੱਠ ਦੀ ਮਾਲਿਸ਼ ਕਰਦੇ ਵੀ ਨਜ਼ਰ ਆ ਰਹੇ ਹਨ। ਵਿਦਾਇਗੀ ਸਮਾਰੋਹ ਚ ਮੌਜੂਦ ਕੁਝ ਲੋਕਾਂ ਨੇ ਦਵਿੰਦਰ ਸੰਦਲ ਦੀ ਪਤਨੀ ਨੂੰ ਕੈਮਰੇ ਤੇ ਦੇਖ ਕੇ ਮੁਸਕਰਾਉਣ ਦੀ ਗੱਲ ਕਹੀ, ਜਿਸ ਤੋਂ ਬਾਅਦ ਉਹ ਮੁਸਕਰਾ ਕੇ ਸਾਹਮਣੇ ਰੱਖੇ ਟੇਬਲ ਤੇ ਡਿੱਗ ਪਈ। ਔਰਤ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਦੱਸਿਆ ਜਾ ਰਿਹਾ ਹੈ ਕਿ ਦੇਵੇਂਦਰ ਸੰਦਲ ਦੀ ਪਤਨੀ ਨੂੰ ਦਿਲ ਦਾ ਦੌਰਾ ਪਿਆ, ਜਿਸ ਤੋਂ ਬਾਅਦ ਉਨ੍ਹਾਂ ਦੀ ਮੌਤ ਹੋ ਗਈ।

ਕੇਂਦਰੀ ਵੇਅਰਹਾਊਸਿੰਗ ਕਾਰਪੋਰੇਸ਼ਨ ਵਿੱਚ ਬਤੌਰ ਮੈਨੇਜਰ ਕੰਮ ਕਰਨ ਵਾਲੇ ਦੇਵੇਂਦਰ ਸੰਦਲ ਦੀ ਪਤਨੀ ਦਿਲ ਦੀ ਬਿਮਾਰੀ ਤੋਂ ਪੀੜਤ ਸੀ। ਉਸ ਦੀ ਦੇਖਭਾਲ ਅਤੇ ਉਸ ਨਾਲ ਸਮਾਂ ਬਿਤਾਉਣਾ ਹੀ ਸੀ ਕਿ ਸੈਂਡਲ ਨੇ ਵੀ.ਆਰ.ਐਸ. ਸਭ ਤੋਂ ਖਾਸ ਗੱਲ ਇਹ ਹੈ ਕਿ ਇਸ ਵੀਆਰਐਸ ਨੂੰ ਵੀ ਸਵੀਕਾਰ ਕੀਤਾ ਗਿਆ ਸੀ। ਹਾਲਾਂਕਿ ਵਿਦਾਈ ਦੌਰਾਨ ਵਾਪਰੀ ਇਸ ਘਟਨਾ ਨੇ ਸਭ ਨੂੰ ਹੈਰਾਨ ਕਰ ਦਿੱਤਾ।


# ਛਾਪੇ 'ਚ ਜ਼ਬਤ ਲੈਪਟਾਪ, ਮੋਬਾਈਲ ਦਾ ਡਾਟਾ ਕਾਪੀ ਨਹੀਂ ਕਰ ਸਕਦੀ ਈਡੀ : ਸੁਪਰੀਮ ਕੋਰਟ



(ਲੋਕ ਬਾਣੀ) ਸੁਪਰੀਮ ਕੋਰਟ ਨੇ ਇਕ ਅਹਿਮ ਹੁਕਮ 'ਚ ਈਡੀ ਨੂੰ ਲਾਟਰੀ ਕਿੰਗ ਦੇ ਨਾਂ ਨਾਲ ਮਸ਼ਹੂਰ ਸੈਂਟਿਆਗੋ ਮਾਰਟਿਨ, ਉਸ ਦੇ ਰਿਸ਼ਤੇਦਾਰਾਂ ਤੇ ਮੁਲਾਜ਼ਮਾਂ ਖ਼ਿਲਾਫ਼ ਛਾਪੇਮਾਰੀ ਦੌਰਾਨ ਜ਼ਬਤ ਕੀਤੇ ਗਏ ਇਲੈਕਟ੍ਰਾਨਿਕ ਯੰਤਰਾਂ ਯਾਨੀ ਲੈਪਟਾਪ ਤੇ ਮੋਬਾਈਲ ਫੋਨ ਦੇ ਡਾਟੇ ਤੱਕ ਪੁੱਜਣ ਤੇ ਉਸ ਦੀ ਕਾਪੀ ਬਣਾਉਣ ਤੋਂ ਰੋਕ ਦਿੱਤਾ ਹੈ। ਸੁਪਰੀਮ ਕੋਰਟ ਨੇ 13 ਦਸੰਬਰ ਨੂੰ ਇਹ ਹੁਕਮ ਫਿਊਚਰ ਗੇਮਿੰਗ ਐਂਡ ਹੋਟਲਸ ਸਰਵਿਸਿਜ ਪ੍ਰਾਈਵੇਟ ਲਿਮਟਡ ਤੇ ਮਾਰਟਿਨ ਦੀ ਪਟੀਸ਼ਨ 'ਤੇ ਪਾਸ ਕੀਤਾ ਸੀ। ਇਸ ਨਾਲ ਜਾਂਚ ਏਜੰਸੀਆਂ ਨੂੰ ਮੁਲਜ਼ਮਾਂ ਦਾ ਮੋਬਾਈਲ ਫੋਨ ਜਾਂ ਲੈਪਟਾਪ ਜ਼ਬਤ ਕਰਨ ਦਾ ਫ਼ੈਸਲਾ ਲੈਣ ਤੋਂ ਪਹਿਲਾਂ ਮੁੜ ਵਿਚਾਰ ਕਰਨਾ ਪੈ ਸਕਦਾ ਹੈ। ਇਹ ਹੁਕਮ ਇਸ ਤਰ੍ਹਾਂ ਦੇ ਮਾਮਲਿਆਂ 'ਚ ਮੁਲਜ਼ਮ ਵਿਅਕਤੀਆਂ ਲਈ ਵੀ ਮਦਦਗਾਰ ਹੋ ਸਕਦਾ ਹੈ।

ਜਸਟਿਸ ਅਭੈ ਐੱਸ ਓਕਾ ਤੇ ਪੰਕਜ ਮਿੱਤਲ ਦੇ ਬੈਂਚ ਨੇ ਕਿਹਾ ਕਿ ਨੋਟਿਸ ਜਾਰੀ ਕੀਤਾ ਜਾਂਦਾ ਹੈ। ਇਸ ਦੌਰਾਨ ਅਰਜ਼ੀ ਨੂੰ ਧਿਆਨ 'ਚ ਰੱਖਦੇ ਹੋਏ ਅੰਤ੍ਰਿਮ ਰਾਹਤ ਦਿੱਤੀ ਜਾਂਦੀ ਹੈ। ਫਿਊਚਰ ਗੇਮਿੰਗ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਜ਼ਬਤ ਇਲੈਕਟ੍ਰਾਨਿਕ ਯੰਤਰਾਂ ਦਾ ਡਾਟਾ ਹਾਸਲ ਕਰਨਾ ਰਾਜ਼ਦਾਰੀ ਤੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਇਨ੍ਹਾਂ ਯੰਤਰਾਂ 'ਚ ਨਿੱਜੀ ਤੇ ਕਾਰੋਬਾਰੀ ਤੌਰ 'ਤੇ ਅਹਿਮ ਡਾਟਾ ਮੌਜੂਦ ਹੈ। ਇਨ੍ਹਾਂ 'ਚ ਵਿੱਤੀ ਵੇਰਵੇ, ਮੈਡੀਕਲ ਰਿਕਾਰਡ, ਪਾਸਵਰਡ ਤੇ ਰਣਨੀਤਕ ਦਸਤਾਵੇਜ਼ ਸ਼ਾਮਿਲ ਹਨ।

# ਖੇਤੀ ਮੰਡੀਕਰਨ ਬਾਰੇ ਕੌਮੀ ਨੀਤੀ ਦੇ ਖਰੜੇ ਵਿੱਚ ਐਮ.ਐਸ.ਪੀ. ਬਾਰੇ ਸਪੱਸ਼ਟਤਾ ਨਹੀਂ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਸਰਕਾਰ ਵੱਲੋਂ ਖੇਤੀ ਮੰਡੀਕਰਨ ਬਾਰੇ ਕੌਮੀ ਨੀਤੀ ਦੇ ਖਰੜੇ ਦੇ ਕਿਸੇ ਵੀ ਪੱਖ ਨੂੰ ਅਣਗੌਲਿਆ ਨਾ ਕਰਦਿਆਂ ਇਸ ਦੇ ਹਰ ਪਹਿਲੂ ਦਾ ਬਾਰੀਕੀ ਨਾਲ ਅਧਿਐਨ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਸੀਨੀਅਰ ਅਧਿਕਾਰੀਆਂ ਤੇ ਖੇਤੀਬਾੜੀ ਮਾਹਿਰਾਂ ਦੀ ਟੀਮ ਇਸ ਖਰੜੇ ਪਿਛਲੀ ਸੋਚ ਤੇ ਮਕਸਦ ਬਾਰੇ ਜਾਨਣ ਦੀ ਕੋਸ਼ਿਸ਼ ਕਰ ਰਹੀ ਹੈ।

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਅਤੇ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਸਮੇਤ ਸੂਬੇ ਦੇ ਆੜ੍ਹਤੀਆਂ, ਰਾਈਸ ਮਿੱਲਰਾਂ ਨਾਲ ਇਸ ਨੀਤੀ ਦੇ ਖਰੜੇ ਬਾਰੇ ਉਨ੍ਹਾਂ ਦੇ ਸੁਝਾਅ ਤੇ ਵਿਚਾਰ ਲੈਣ ਲਈ ਡੂੰਘਾਈ ਨਾਲ ਵਿਚਾਰ-ਵਟਾਂਦਰਾ ਕੀਤਾ।

ਦੋ ਘੰਟੇ ਤੋਂ ਵੱਧ ਸਮੇਂ ਤੱਕ ਚੱਲੀ ਇਸ ਗੰਭੀਰ ਚਰਚਾ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਖਰੜੇ ਵਿੱਚ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਗਿਆ ਹੈ, ਜੋ ਕਿ ਸੂਬੇ ਦੇ ਕਿਸਾਨਾਂ ਲਈ ਸਭ ਤੋਂ ਜ਼ਰੂਰੀ ਹੈ ਅਤੇ ਪ੍ਰਾਈਵੇਟ ਮੰਡੀਆਂ ਨੂੰ ਉਤਸ਼ਾਹਿਤ ਕਰਨ ਸਬੰਧੀ ਧਾਰਾਵਾਂ ਖੇਤੀਬਾੜੀ ਉਤਪਾਦਨ ਮਾਰਕੀਟ ਕਮੇਟੀ (ਏ.ਪੀ.ਐਮ.ਸੀ.) ਮਾਰਕੀਟਾਂ ਨੂੰ ਪ੍ਰਭਾਵਿਤ ਕਰਨਗੀਆਂ। ਉਹਨਾਂ ਨੇ ਖਦਸ਼ਾ ਜ਼ਾਹਿਰ ਕੀਤਾ ਕਿ ਏ.ਪੀ.ਐਮ.ਸੀ. ਦੀਆਂ ਮੰਡੀਆਂ ਵਿੱਚ ਗੜਬੜ ਪੈਦਾ ਹੋਣ ਨਾਲ ਕਿਸਾਨਾਂ ਅਤੇ ਰਵਾਇਤੀ ਵਪਾਰੀ ਵਰਗ ਦਾ ਸ਼ੋਸ਼ਣ ਹੋਵੇਗਾ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਆਰ.ਡੀ.ਐਫ. ਅਤੇ ਐਮ.ਡੀ.ਐਫ ਪੰਜਾਬ ਦੇ ਵਿਆਪਕ ਖੇਤੀਬਾੜੀ ਬੁਨਿਆਦੀ ਢਾਂਚੇ ਖਾਸ ਕਰਕੇ ਮੰਡੀਆਂ ਦੇ ਢਾਂਚੇ ਅਤੇ ਇਹਨਾਂ ਮੰਡੀਆਂ ਨੂੰ ਪਿੰਡਾਂ ਨਾਲ ਜੋੜਨ ਵਾਲੀਆਂ ਸੜਕਾਂ ਦੀ ਸਾਂਭ-ਸੰਭਾਲ ਲਈ ਬੇਹੱਦ ਜ਼ਰੂਰੀ ਹੈ।

ਖੇਤੀਬਾੜੀ ਮੰਤਰੀ ਨੇ ਸ੍ਰੀ ਵਿਜੈ ਕਾਲੜਾ ਅਤੇ ਸ. ਰਵਿੰਦਰ ਸਿੰਘ ਚੀਮਾ ਦੀ ਅਗਵਾਈ ਵਾਲੇ ਆੜ੍ਹਤੀਆਂ ਅਤੇ ਤਰਸੇਮ ਸੈਣੀ ਦੀ ਅਗਵਾਈ ਵਾਲੇ ਰਾਈਸ ਮਿੱਲਰਾਂ ਨੂੰ ਅਪੀਲ ਕੀਤੀ ਕਿ ਇਸ ਨੀਤੀ ਬਾਰੇ ਉਹ ਆਪਣੇ ਸੁਝਾਅ ਅਤੇ ਚਿੰਤਾਵਾਂ ਪੰਜਾਬ ਮੰਡੀ ਬੋਰਡ ਨੂੰ ਭੇਜਣ ਤਾਂ ਜੋ ਕੇਂਦਰ ਸਰਕਾਰ ਨੂੰ ਭੇਜੇ ਜਾਣ ਵਾਲੇ ਜਵਾਬ ਵਿੱਚ ਉਨ੍ਹਾਂ ਨੂੰ ਵੀ ਸ਼ਾਮਲ ਕੀਤਾ ਜਾ ਸਕੇ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਕਿਸਾਨਾਂ ਦੇ ਹੱਕਾਂ ਦੀ ਰਾਖੀ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਇਸ ਵਿਚਾਰ-ਵਟਾਂਦਰੇ ਦੌਰਾਨ ਵਧੀਕ ਮੁੱਖ ਸਕੱਤਰ ਖੇਤੀਬਾੜੀ ਅਤੇ ਕਿਸਾਨ ਭਲਾਈ ਸ੍ਰੀ ਅਨੁਰਾਗ ਵਰਮਾ, ਪੰਜਾਬ ਰਾਜ ਕਿਸਾਨ ਤੇ ਖੇਤ ਮਜ਼ਦੂਰ ਕਮਿਸ਼ਨ ਦੇ ਚੇਅਰਮੈਨ ਡਾ. ਸੁਖਪਾਲ ਸਿੰਘ, ਪ੍ਰਮੁੱਖ ਸਕੱਤਰ ਖੁਰਾਕ ਤੇ ਸਿਵਲ ਸਪਲਾਈ ਸ੍ਰੀ ਵਿਕਾਸ ਗਰਗ, ਸਕੱਤਰ ਪੰਜਾਬ ਮੰਡੀ ਬੋਰਡ ਸ੍ਰੀ ਰਾਮਵੀਰ, ਵਿਸ਼ੇਸ਼ ਸਕੱਤਰ ਖੇਤੀਬਾੜੀ ਸ੍ਰੀ ਹਰਬੀਰ ਸਿੰਘ, ਡਾਇਰੈਕਟਰ ਬਾਗਬਾਨੀ ਸ੍ਰੀਮਤੀ ਸ਼ੈਲੇਂਦਰ ਕੌਰ, ਡਾਇਰੈਕਟਰ ਖੇਤੀਬਾੜੀ ਸ੍ਰੀ ਜਸਵੰਤ ਸਿੰਘ, ਡਾਇਰੈਕਟਰ ਖੋਜ, ਪੀ.ਏ.ਯੂ. ਲੁਧਿਆਣਾ ਡਾ. ਅਜਮੇਰ ਸਿੰਘ ਢੱਟ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਜਲੰਧਰ ਪੁਲਿਸ ਤੇ ਤਿੰਨ ਗੈਂਗਸਟਰਾਂ ਵਿਚਾਲੇ ਮੁਕਾਬਲਾ; ਭਾਰੀ ਮਾਤਰਾ ਚ ਅਸਲਾ ਬਰਾਮਦ



ਜਲੰਧਰ (ਲੋਕ ਬਾਣੀ)- ਜਲੰਧਰ ਪੁਲਿਸ ਅਤੇ ਜੱਗ ਜੱਗੂ ਭਗਵਾਨਪੁਰੀਆ ਗਿਰੋਹ ਦੇ ਗੈਂਗਸਟਰਾਂ ਵਿਚਾਲੇ ਮੁਕਾਬਲਾ ਹੋਣ ਦੀ ਖਬਰ ਸਾਹਮਣੇ ਆ ਰਹੀ ਹੈ। ਗੈਂਗਸਟਰਾਂ ਵੱਲੋਂ ਕੀਤੀ ਗਈ ਫਾਇਰਿੰਗ ਦੇ ਜਵਾਬ ਵਿੱਚ ਪੁਲਿਸ ਨੇ ਵੀ ਫਾਇਰ ਕੀਤੇ। ਇਸ ਵਿੱਚ ਇਕ ਮੁਲਜ਼ਮ ਜ਼ਖ਼ਮੀ ਹੋ ਗਿਆ ਹੈ। ਪੁਲਿਸ ਨੇ ਦੋ ਹੋਰ ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੇ ਵੱਡੀ ਮਾਤਰਾ ਵਿੱਚ ਅਸਲਾ ਬਰਾਮਦ ਕੀਤਾ ਹੈ।

ਜਾਣਕਾਰੀ ਮੁਤਾਬਕ ਜੱਗੂ ਭਗਵਾਨਪੁਰੀਆ ਗੈਂਗ ਨਾਲ ਸਬੰਧਤ ਗੁਰਗਿਆਂ ਨੇ ਜਮਸ਼ੇਰ ਜੰਡਿਆਲਾ ਰੋਡ ਤੇ ਪੁਲਿਸ ਤੇ ਗੋਲੀਬਾਰੀ ਕਰ ਦਿੱਤੀ, ਜਿਸ ਦੀ ਜਵਾਬੀ ਕਾਰਵਾਈ ਚ ਗੈਂਗਸਟਰ ਦੇ ਗੁਰਗੇ ਨੂੰ ਗੋਲੀ ਲੱਗ ਗਈ। ਜ਼ਬਰਦਸਤ ਗੋਲੀਬਾਰੀ ਚ ਕਰੀਬ 15 ਰਾਉਂਡ ਗੋਲੀਆਂ ਚਲਾਈਆਂ ਗਈਆਂ। ਜ਼ਖਮੀ ਮੁਲਜ਼ਮ ਨੂੰ ਹਸਪਤਾਲ ਚ ਭਰਤੀ ਕਰਵਾਇਆ ਗਿਆ ਹੈ।

ਦੱਸਿਆ ਜਾ ਰਿਹਾ ਹੈ ਕਿ ਭਗਵਾਨਪੁਰੀਆ ਦੇ ਹੌਲਦਾਰ ਮਨਜੀਤ ਨੂੰ ਜਲੰਧਰ ਕਮਿਸ਼ਨਰੇਟ ਪੁਲਸ ਨੇ ਹਥਿਆਰ ਬਰਾਮਦਗੀ ਦੇ ਕਿਸੇ ਮਾਮਲੇ ਚ ਗ੍ਰਿਫਤਾਰ ਕੀਤਾ ਸੀ, ਜਿਸ ਤੋਂ ਬਾਅਦ ਜਦੋਂ ਉਸ ਕੋਲੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਇਹ ਹਥਿਆਰ ਜਮਸ਼ੇਰ ਜੰਡਿਆਲਾ ਰੋਡ ਤੇ ਲੁਕਾਏ ਹੋਣ ਦੀ ਗੱਲ ਕਬੂਲੀ। ਜਦੋਂ ਪੁਲਿਸ ਉਸ ਨੂੰ ਹਥਿਆਰਾਂ ਦੀ ਬਰਾਮਦਗੀ ਲਈ ਆਪਣੇ ਨਾਲ ਲੈ ਕੇ ਗਈ ਤਾਂ ਗੈਂਗਸਟਰ ਨੇ ਆਪਣਾ ਛੁਪਾਇਆ ਹੋਇਆ ਹਥਿਆਰ ਕੱਢ ਲਿਆ ਅਤੇ ਪੁਲਿਸ 'ਤੇ ਗੋਲੀ ਚਲਾ ਦਿੱਤੀ, ਜਿਸ ਮਗਰੋਂ ਪੁਲਿਸ ਨੇ ਬਚਾਅ ਵਿੱਚ ਜਵਾਬੀ ਕਾਰਵਾਈ ਕਰਦਿਆਂ ਗੁਰਗੇ ਨੂੰ ਗੋਲੀ ਮਾਰ ਕੇ ਜ਼ਖ਼ਮੀ ਕਰ ਦਿੱਤਾ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਿਸ਼ਨ ਤੇ ਪੰਜਾਬੀ ਭਾਸ਼ਾ ਨੂੰ ਵਿਸ਼ਵ ਪੱਧਰ ਤੇ ਪ੍ਰਚਾਰਨ ਤੇ ਪ੍ਰਸਾਰਣ ਦੀ ਮਹੱਤਤਾ ਤੇ ਜ਼ੋਰ

ਅੰਮ੍ਰਿਤਸਰ, (ਲੋਕ ਬਾਣੀ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ: ਕਰਮਜੀਤ ਸਿੰਘ ਨੇ ਦੇਸ਼ ਭਗਤ ਕਾ.ਉਜਾਗਰ ਸਿੰਘ ਖਤਰਾਏ ਕਲਾਂ ਦੇ ਪੋਤਰੇ ਸਰਦਾਰ ਦਿਲਬਾਗ ਸਿੰਘ ਨੂੰ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਅਤੇ ਸ੍ਰੀ ਗੁਰੂ ਨਾਨਕ ਦੇਵ ਦੇ ਮਿਸ਼ਨ ਨੂੰ ਅੱਗੇ ਵਧਾਉਣ ਲਈ ਯੂਨੀਵਰਸਿਟੀ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੀ ਗੱਲ ਕਹੀ ਹੈ। ਉੱਘੇ ਆਜ਼ਾਦੀ ਘੁਲਾਟੀਏ ਕਾ.ਉਜਾਗਰ ਸਿੰਘ ਖਤਰਾਏ ਕਲਾਂ ਦੇ ਸਨਮਾਨ ਵਿੱਚ ਹੋਣ ਵਾਲੇ ਆਗਾਮੀ ਸਾਲਾਨਾ ਸੱਭਿਆਚਾਰਕ ਮੇਲੇ ਅਤੇ ਸੈਮੀਨਾਰ ਬਾਰੇ ਵਿਚਾਰ-ਵਟਾਂਦਰੇ ਦੌਰਾਨ ਡਾ: ਕਰਮਜੀਤ ਸਿੰਘ ਨੇ ਦੇਸ਼ ਭਗਤ ਕਾ.ਉਜਾਗਰ ਸਿੰਘ ਦੀ ਯਾਦ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਲੋੜਵੰਦ ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇਣ ਦਾ ਵੀ ਪ੍ਰਸਤਾਵ ਰੱਖਿਆ। ਉਨ੍ਹਾਂ ਸੁਝਾਅ ਦਿੱਤਾ ਕਿ ਇਹ ਵਜ਼ੀਫ਼ਾ ਹਰ ਸਾਲ ਯੋਗ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਜਾਰੀ ਰੱਖਣ ਅਤੇ ਸਮਾਜ ਦੇ ਵਿਕਾਸ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਹਨਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਸਮਾਜ ਦੀ ਭਲਾਈ ਲਈ ਕੀਤੇ ਜਾਣ ਵਾਲੇ ਮਹੱਤਵਪੂਰਨ ਪ੍ਰੋਜੈਕਟਾਂ ਬਾਰੇ ਵੀ ਉਹਨਾਂ ਨਾਲ ਚਰਚਾ ਕੀਤੀ। ਉਹਨਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਿਸ਼ਨ ਅਤੇ ਪੰਜਾਬੀ ਭਾਸ਼ਾ ਨੂੰ ਮਸਨੁਈ ਬੁੱਧੀ ਨਾਲ ਜੋੜ ਕੇ ਵਿਸ਼ਵ ਪੱਧਰ ਤੇ ਪ੍ਰਚਾਰਨ ਅਤੇ ਪ੍ਰਸਾਰਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਪ੍ਰੋ. ਕਰਮਜੀਤ ਸਿੰਘ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਚ ਵੀ ਅਜਿਹੀਆਂ ਪਹਿਲਕਦਮੀਆਂ ਲਈ ਹਰ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਸਮਾਜਿਕ ਮੁੱਦਿਆਂ ਨੂੰ ਹੱਲ ਕਰਨ ਲਈ ਵੱਖ-ਵੱਖ ਸੈਮੀਨਾਰਾਂ ਦੀ ਲੋੜ ਅਤੇ ਵਿਸ਼ਵ ਪੱਧਰ ਤੇ ਪੰਜਾਬੀਆਂ ਨੂੰ ਇਕੱਠੇ ਕਰਨ ਲਈ ਇੱਕ ਪਲੇਟਫਾਰਮ ਬਣਾਉਣ ਦਾ ਵੀ ਸੱਦਾ ਦਿੱਤਾ।



ਡਾ: ਕਰਮਜੀਤ ਸਿੰਘ ਨੇ ਉੱਘੇ ਪੰਜਾਬੀ ਚਿੰਤਕ ਪ੍ਰੋ.ਗੁਰਭਜਨ ਗਿੱਲ ਅਤੇ ਉੱਘੇ ਲੇਖਕ ਨਿਰਮਲ ਜੌੜਾ ਦੀ ਟੀਮ ਵੱਲੋਂ ਪੰਜਾਬੀ ਭਾਸ਼ਾ ਨੂੰ ਪਰਫੁਲਤ ਕਰਨ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸੱਭਿਆਚਾਰਕ ਮੇਲਿਆਂ ਦੇ ਪਿਤਾਮਾ ਸਰਦਾਰ ਜਗਦੇਵ ਸਿੰਘ ਜੱਸੋਵਾਲ ਨੂੰ ਉਨ੍ਹਾਂ ਦੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਲਈ ਦਿੱਤੇ ਅਥਾਹ ਯੋਗਦਾਨ ਨੂੰ ਸਵੀਕਾਰ ਕਰਦੇ ਹੋਏ ਯਾਦ ਕੀਤਾ । ਸ੍ਰ ਦਿਲਬਾਗ ਸਿੰਘ ਨੇ ਵਾਈਸ-ਚਾਂਸਲਰ ਨੂੰ ਉਨ੍ਹਾਂ ਦੀ ਨਿਯੁਕਤੀ ਤੇ ਜਿੱਥੇ ਵਧਾਈਆਂ ਦਿੱਤੀਆਂ ਉੱਥੇ ਪੰਜਾਬ ਦੇ ਮਾਨਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਜਿਹਨਾਂ ਨੇ ਬਹੁਤ ਹੀ ਦੂਰ-ਅੰਦੇਸ਼ੀ ਵਾਲੇ ਉਪ-ਕੁਲਪਤੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੂੰ ਦਿੱਤੇ ਹਨ। ਉਹਨਾਂ ਇਹ ਵੀ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਸ੍ਰੀ ਗੁਰੂ ਰਾਮਦਾਸ ਜੀ ਦੀ ਨਗਰੀ ਦੇ ਜੰਮਪਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹੀ ਵਿਦਿਆਰਥੀ ਹੋਣ ਕਰਕੇ ਵੀ ਸਾਡਾ ਸਿਰ ਮਾਣ ਨਾਲ ਉੱਚਾ ਹੁੰਦਾ ਹੈ। ਸ੍ਰ ਦਿਲਬਾਗ ਸਿੰਘ ਨੇ ਇਸ ਮੌਕੇ ਉਹਨਾਂ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਆਪਣੇ ਦਾਦਾ ਜੀ ਦੇਸ਼ ਭਗਤ ਕਾ. ਉਜਾਗਰ ਸਿੰਘ ਜੀ ਦੀ ਯਾਦ ਵਿੱਚ ਵਿਦਿਆਰਥੀਆਂ ਨੂੰ ਸਾਲਾਨਾ ਸਹਾਇਤਾ ਦੇਣ ਲਈ ਵਜ਼ੀਫ਼ਾ ਦੇਣ ਦੇ ਪ੍ਰਸਤਾਵ ਦਾ ਨਿੱਘਾ ਸਵਾਗਤ ਕਰਦੇ ਹੋਏ ਕਿਹਾ ਉਹ ਜ਼ਰੂਰ ਇਸ ਨੂੰ ਅਮਲੀ ਰੂਪ ਦੇਣਗੇ।ਉਨ੍ਹਾਂ ਯੂਨੀਵਰਸਿਟੀ ਦੇ ਪੰਜਾਬ,ਪੰਜਾਬੀ ਅਤੇ ਪੰਜਾਬੀਅਤ ਦੇ ਅਲੰਬੜਦਾਰ ਬਣਨ ਅਤੇ ਸਮਾਜ ਨੂੰ ਵੱਡੇ ਪੱਧਰ ਤੇ ਵੱਖ-ਵੱਖ ਸਕੀਮਾਂ ਰਾਹੀਂ ਲਾਭ ਪਹੁੰਚਾਉਣ ਵਾਲੀਆਂ ਪਹਿਲਕਦਮੀਆਂ ਦਾ ਸਮਰਥਨ ਕੀਤਾ। ਸ੍ਰ ਦਿਲਬਾਗ ਸਿੰਘ ਨੇ ਕਿਹਾ ਕਿ ਉਹ ਪੰਜਾਬ ਦੀ ਸੱਭਿਆਚਾਰਕ ਅਤੇ ਭਾਸ਼ਾਈ ਵਿਰਾਸਤ ਨੂੰ ਮਜ਼ਬੂਤ ਕਰਨਾ, ਵਿਸ਼ਵ ਭਰ ਦੇ ਪੰਜਾਬੀਆਂ ਵਿੱਚ ਏਕਤਾ ਅਤੇ ਤਰੱਕੀ ਨੂੰ ਉਤਸ਼ਾਹਿਤ ਕਰਨ ਦੇ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਕਾਸ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਲਈ ਤਿਆਰ ਹਨ।

ਕੈਪਸ਼ਨ :ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਕਰਮਜੀਤ ਸਿੰਘ ਦਾ ਸਨਮਾਨ ਕਰਦੇ ਹੋਏ ਸ੍ਰ ਦਿਲਬਾਗ ਸਿੰਘ ਖਤਰਾਏ ਕਲਾਂ ਅਤੇ ਹੋਰ।

# ਅਲਮੋੜਾ ਤੋਂ ਹਲਦਵਾਨੀ ਜਾ ਰਹੀ ਬੱਸ ਖਾਈ ਚ ਡਿੱਗੀ; 25 ਸਵਾਰਿਆਂ ਸੀ ਸਵਾਰ , ਤਿੰਨ ਦੀ ਮੌਤ




ਉੱਤਰਾਖੰਡ (ਲੋਕ ਬਾਣੀ)- ਕੁਮਾਉਂ ਡਿਵੀਜ਼ਨ ਦੇ ਭੀਮਤਾਲ ਵਿੱਚ ਅੱਜ ਇੱਕ ਵੱਡਾ ਹਾਦਸਾ ਵਾਪਰ ਗਿਆ। ਅਲਮੋੜਾ ਤੋਂ ਹਲਦਵਾਨੀ ਆ ਰਹੀ ਰੋਡਵੇਜ਼ ਦੀ ਬੱਸ ਭੀਮਤਾਲ-ਰਾਣੀਬਾਗ ਮੋਟਰ ਰੋਡ ਤੇ ਆਮਲਾਲੀ ਨੇੜੇ 1500 ਫੁੱਟ ਡੂੰਘੀ ਖਾਈ ਚ ਡਿੱਗ ਗਈ। ਬੱਸ ਖੱਡ ਚ ਡਿੱਗਣ ਕਾਰਨ ਬੱਸ ਚ ਸਵਾਰ 27 ਲੋਕ ਇਧਰ-ਉਧਰ ਖਿੱਲਰ ਗਏ। ਹਾਦਸੇ ਚ ਤਿੰਨ ਲੋਕਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਜਦਕਿ ਕੁਝ ਗੰਭੀਰ ਜ਼ਖਮੀ ਹਨ।

ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਪ੍ਰਸ਼ਾਸਨ ਮੌਕੇ ਤੇ ਪਹੁੰਚ ਗਿਆ। ਜ਼ਖਮੀਆਂ ਨੂੰ ਪੁਲਿਸ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਰੱਸੀਆਂ ਅਤੇ ਮੋਢਿਆਂ ਤੇ ਚੁੱਕ ਕੇ ਸੜਕ ਤੇ ਲਿਆਂਦਾ ਗਿਆ। ਸੜਕ ਰਾਹੀਂ ਸੀ.ਐਚ.ਸੀ ਭੀਮਤਾਲ ਲਿਜਾਇਆ ਗਿਆ ਹੈ। ਬਚਾਅ ਕਾਰਜ ਜਾਰੀ ਹੈ।

ਪ੍ਰਸ਼ਾਸਨਿਕ ਅਮਲੇ ਨੂੰ ਚੌਕਸ ਕਰ ਦਿੱਤਾ ਗਿਆ ਹੈ। ਸੁਸ਼ੀਲ ਤਿਵਾਰੀ ਨੂੰ ਅਲਰਟ ਤੇ ਰੱਖਿਆ ਗਿਆ ਹੈ। 15 ਐਂਬੂਲੈਂਸਾਂ ਨੂੰ ਹਲਦਵਾਨੀ ਭੇਜਿਆ ਗਿਆ ਹੈ। ਬਚਾਅ ਟੀਮਾਂ ਵੱਡੇ ਪੱਧਰ ਤੇ ਕੰਮ ਕਰ ਰਹੀਆਂ ਹਨ। ਚੱਕਾ ਜਾਮ ਹੋਣ ਕਾਰਨ ਮਰੀਜ਼ਾਂ ਨੂੰ ਲਿਆਉਣ ਵਿੱਚ ਦਿੱਕਤ ਆ ਰਹੀ ਹੈ।

# ਲੰਗਰ ਵਿੱਚ ਸਜਾਵਟ ਕਰਦੇ ਨੌਜਵਾਨ ਨੂੰ ਕਰੰਟ ਲੱਗਣ ਨਾਲ ਹੋਈ ਮੌਤ



(ਲੋਕ ਬਾਣੀ)- ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਫਤਿਹਗੜ੍ਹ ਸਾਹਿਬ ਜੋੜ ਮੇਲੇ ਲਈ ਸੰਗਤ ਜਾ ਰਹੀ ਹੈ। ਉਨ੍ਹਾਂ ਲਈ ਹਰ ਪਿੰਡ ਵਿੱਚ ਹਰ ਸ਼ਹਿਰ ਵਿੱਚ ਲੰਗਰ ਲਾਏ ਜਾ ਰਹੇ ਹਨ। ਕਸਬਾ ਘੱਗਾ ਵਿੱਚ ਲੰਗਰ ਦੇ ਟੈਂਟ ਵਿੱਚ ਬਿਜਲੀ ਦੀ ਸਜਾਵਟ ਕਰ ਰਹੇ ਨੌਜਵਾਨ ਸਤਵਿੰਦਰ ਸਿੰਘ ਵਾਸੀ ਬੂਟਾ ਸਿੰਘ ਵਾਲਾ (ਸਮਾਣਾ) ਦਾ ਹੱਥ ਅਚਾਨਕ ਬਿਜਲੀ ਦੀ ਤਾਰ ਨੂੰ ਲੱਗ ਗਿਆ, ਜਿਸ ਨਾਲ ਉਸਨੂੰ ਜ਼ਬਰਦਸਤ ਕਰੰਟ ਦਾ ਝਟਕਾ ਲੱਗਾ।

ਉਸ ਨੂੰ ਤੁਰੰਤ ਸਮਾਣਾ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਕਰ ਦਿੱਤਾ। ਇਸ ਘਟਨਾ ਦੀ ਬੂਟਾ ਸਿੰਘ ਵਾਲਾ ਦੇ ਸਰਪੰਚ ਅਮਰਜੀਤ ਸਿੰਘ ਅਤੇ ਪਿੰਡ ਦੇ ਚਰਨਜੀਤ ਸਿੰਘ ਨੇ ਜਾਣਕਾਰੀ ਦਿੱਤੀ। ਸਿਵਲ ਹਸਪਤਾਲ ਵਿੱਚ ਐਮਰਜੈਂਸੀ ਵਿੱਚ ਤਾਇਨਾਤ ਡਾਕਟਰ ਕੀਰਤੀ ਨੇ ਨੌਜਵਾਨ ਦੀ ਮੌਤ ਦੀ ਪੁਸ਼ਟੀ ਕੀਤੀ।

# ਰਾਸ਼ਟਰਪਤੀ ਮੁਰਮੂ ਨੇ 17 ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਨਾਲ ਕੀਤਾ ਸਨਮਾਨਿਤ

ਨਵੀਂ ਦਿੱਲੀ (ਲੋਕ ਬਾਣੀ)- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀਰਵਾਰ ਨੂੰ ਰਾਸ਼ਟਰਪਤੀ ਭਵਨ ਵਿੱਚ 17 ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਨਾਲ ਸਨਮਾਨਿਤ ਕੀਤਾ। ਇਸ ਵਾਰ 14 ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 17 ਬੱਚਿਆਂ ਨੂੰ ਇਸ ਪੁਰਸਕਾਰ ਲਈ ਚੁਣਿਆ ਗਿਆ ਹੈ। ਇਨ੍ਹਾਂ ਵਿੱਚ 7 ਲੜਕੇ ਅਤੇ 10 ਲੜਕੀਆਂ ਸ਼ਾਮਲ ਹਨ।

ਬਾਲ ਪੁਰਸਕਾਰ ਸੱਤ ਸ਼੍ਰੇਣੀਆਂ ਵਿੱਚ ਦਿੱਤੇ ਜਾਂਦੇ ਹਨ। ਜਿਸ ਵਿੱਚ ਕਲਾ ਅਤੇ ਸੱਭਿਆਚਾਰ, ਬਹਾਦਰੀ, ਨਵੀਨਤਾ, ਵਿਗਿਆਨ ਅਤੇ ਤਕਨਾਲੋਜੀ, ਸਮਾਜਿਕ ਕਾਰਜ, ਖੇਡਾਂ ਅਤੇ ਵਾਤਾਵਰਣ ਸ਼ਾਮਲ ਹਨ। ਸਪੋਰਟਸ ਕੈਟਾਗਰੀ ਚ ਇਕ ਮਸ਼ਹੂਰ ਨਾਂ 3 ਸਾਲ ਦੇ ਅਨੀਸ਼ ਸਰਕਾਰ ਦਾ ਹੈ। ਉਹ 6945 (ਵਿਸ਼ਵ ਸ਼ਤਰੰਜ ਫੈਡਰੇਸ਼ਨ) ਰੈਂਕਿੰਗ ਹਾਸਲ ਕਰਨ ਵਾਲਾ ਦੁਨੀਆ ਦਾ ਸਭ ਤੋਂ ਘੱਟ ਉਮਰ ਦਾ ਸ਼ਤਰੰਜ ਖਿਡਾਰੀ ਹੈ।

ਦੂਜੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਭਾਰਤ ਮੰਡਪਮ ਚ ਆਯੋਜਿਤ ਵੀਰ ਬਾਲ ਦਿਵਸ ਪ੍ਰੋਗਰਾਮ ਚ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਚ ਮੋਦੀ ਨੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਮੁਲਾਕਾਤ ਕੀਤੀ।





ਪੀਐਮ ਮੋਦੀ ਨੇ ਕਿਹਾ- ਜੇਕਰ ਅਸੀਂ ਨਿਰਮਾਣ ਤੇ ਕੰਮ ਕਰਦੇ ਹਾਂ ਤਾਂ ਅਸੀਂ ਦੁਨੀਆ ਦੇ ਸਭ ਤੋਂ ਵਧੀਆ ਹੋਵਾਂਗੇ। ਜੇਕਰ ਤੁਸੀਂ ਸਪੇਸ ਸੈਕਟਰ ਵਿੱਚ ਕੰਮ ਕਰਦੇ ਹੋ, ਤਾਂ ਦੁਨੀਆ ਵਿੱਚ ਸਭ ਤੋਂ ਵਧੀਆ ਬਣੋ। ਸਭ ਤੋਂ ਵਧੀਆ ਸਾਡਾ ਮਿਆਰ ਹੋਣਾ ਚਾਹੀਦਾ ਹੈ।

# ਖੇਤੀਬਾੜੀ ਵਿਭਾਗ ਦੇ ਨੁਮਾਇੰਦਿਆਂ ਨੇ ਗਿੱਦੜਬਾਹਾ ਬਲਾਕ ਦੇ ਸਮੂਹ ਖਾਦ, ਕੀੜੇਮਾਰ ਦਵਾਈਆਂ ਅਤੇ ਬੀਜ ਵਿਕਰੇਤਾਵਾਂ ਨਾਲ ਕੀਤੀ ਮੀਟਿੰਗ



ਗਿੱਦੜਬਾਹਾ (ਲੋਕ ਬਾਣੀ) ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫਸਰ ਡਾ ਗੁਰਨਾਮ ਸਿੰਘ ਦੀ ਪ੍ਰਧਾਨਗੀ ਹੇਠ ਬਲਾਕ ਗਿੱਦੜਬਾਹਾ ਦੇ ਸਮੂਹ ਖਾਦ,ਬੀਜ, ਕੀੜੇਮਾਰ ਦਵਾਈਆਂ ਵਿਕਰੇਤਾਵਾਂ ਦੇ ਸਮੂਹ ਡੀਲਰ ਨਾਲ਼ ਮੀਟਿੰਗ ਕੀਤੀ ਗਈ। ਇਸ ਮੌਕੇ ਤੇ ਸ਼ੁਰੂਆਤ ਵਿੱਚ ਮਨਿੰਦਰਦੀਪ ਸਿੰਘ ਖੇਤੀਬਾੜੀ ਵਿਭਾਗ ਅਫਸਰ ਪੀ ਪੀ ਗਿੱਦੜਬਾਹਾ ਨੇ ਉੱਚ ਅਧਿਕਾਰੀਆਂ ਤੋਂ ਪ੍ਰਾਪਤ ਨਵੀਆਂ ਹਦਾਇਤਾਂ ਬਾਰੇ ਜਾਣੂ ਕਰਵਾਇਆ ਗਿਆ। ਜਿਵੇਂ ਕਿ ਜਿੰਨਾ ਖਾਦ ਅਤੇ ਬੀਜ ਲਾਇਸੰਸਾ ਦੀ ਮਿਆਦ ਮਿਤੀ 31-12- 2024 ਨੂੰ ਖਤਮ ਹੋਣ ਵਾਲੀ ਹੈ,ਉਕਤ ਲਾਇਸੰਸਾ ਨੂੰ ਸਮੇਂ ਸਿਰ ਰੀਨਿਊ ਅਤੇ ਲਾਇਸੰਸ ਵਿੱਚ ਅਧਿਕਾਰ ਪੱਤਰ ਦਰਜ ਕਰਵਾਉਣ ਲਈ ਦੱਸਿਆ ਗਿਆ। ਜਸ਼ਨਦੀਪ ਸਿੰਘ ਖੇਤੀਬਾੜੀ ਵਿਭਾਗ ਅਫਸਰ ਇਨਫੋਰਸਮੈਂਟ ਹੈਡ ਕੁਆਟਰ ਸ੍ਰੀ ਮੁਕਤਸਰ ਸਾਹਿਬ ਨੇ ਸਮੂਹ ਡੀਲਰਾ ਨੂੰ ਹਦਾਇਤ ਕੀਤੀ ਗਈ ਕਿ ਖਾਦ ਦੇ ਮੰਨਜ਼ੂਰਸ਼ੁਦਾ ਗਡਾਊਨਾ ਵਿੱਚ ਹੀ ਖਾਦ ਸਟੋਰ ਕੀਤੀ ਜਾਵੇ ਅਤੇ ਲਾਇਸੰਸ ਵਿੱਚ ਅਧਿਕਾਰ ਪੱਤਰ ਦਰਜ ਕੀਤੇ ਬਿਨਾਂ ਕਿਸੇ ਵੀ ਪ੍ਰਕਾਰ ਦੀ ਵਿਕਰੀ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਜੇਕਰ ਕਿਸੇ ਵੀ ਡੀਲਰ ਪਾਸ ਯੂਰੀਆ ਅਤੇ ਡੀ ਏ ਪੀ ਖਾਦ ਪ੍ਰਾਪਤ ਹੁੰਦੀ ਹੈ ਤਾਂ ਉਸ ਦੀ ਸੂਚਨਾ ਤੁਰੰਤ ਬਲਾਕ ਦਫਤਰ ਵਿਖੇ ਦੇਣੀ ਯਕੀਨੀ ਬਣਾਈ ਜਾਵੇ। ਖਾਦ ਦੀ ਵਿਕਰੀ ਪੀ ਓ ਐਸ ਮਸ਼ੀਨ ਰਾਹੀਂ ਕਰਨੀ ਯਕੀਨੀ ਬਣਾਈ ਜਾਵੇ। ਇਸ ਮੀਟਿੰਗ ਵਿੱਚ ਮੁੱਖ ਖੇਤੀਬਾੜੀ ਅ.ਫਸਰ ਸ੍ਰੀ ਮੁਕਤਸਰ ਸਾਹਿਬ ਨੇ ਸਮੂਹ ਡੀਲਰ ਨੂੰ ਹਦਾਇਤ ਕੀਤੀ ਕਿ ਬਿਨਾਂ ਕਿਸੇ ਕਾਰਨ ਯੂਰੀਆ ਖਾਦ ਦੀ ਸਟੋਰੇਜ ਨਾ ਕੀਤੀ ਜਾਵੇ, ਕਿਸੇ ਵੀ ਡੀਲਰ ਵੱਲੋਂ ਯੂਰੀਆ ਖਾਦ ਨਾਲ ਕੋਈ ਵੀ ਬੇਲੋੜੀ ਟੈਗਿੰਗ ਨਾ ਕੀਤੀ ਜਾਵੇ ਅਤੇ ਛੋਟੇ ਕਿਸਾਨਾਂ ਨੂੰ ਪਹਿਲ ਦੇ ਆਧਾਰ ਤੇ ਖਾਦ ਦੇਣੀ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਜੇਕਰ ਕੋਈ ਵੀ ਡੀਲਰ ਫਰਮ ਟੈਗਿੰਗ, ਬੇਲੋੜੀ ਸਟੋਰੇਜ ਕਰਦਾ ਪਾਇਆ ਗਿਆ ਤਾਂ ਉਸ ਫਰਮ ਵਿਰੁੱਧ ਸ.ਖ਼ਤ ਤੋਂ ਸ.ਖ਼ਤ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਅੰਤ ਵਿੱਚ ਜਗਮੋਹਨ ਸਿੰਘ ਸਹਾਇਕ ਕਪਾਹ ਵਿਸਥਾਰ ਅਫਸਰ ਗਿੱਦੜਬਾਹਾ ਵੱਲੋਂ ਸਾਰੇ ਅਧਿਕਾਰੀਆਂ ਅਤੇ ਸਮੂਹ ਡੀਲਰਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮੂਹ ਡੀਲਰਾ ਤੋਂ ਇਲਾਵਾ ਵਿਭਾਗ ਦੇ ਕਰਮਚਾਰੀ ਵੀ ਹਾਜ਼ਰ ਸਨ।

# ਨੈਸ਼ਨਲ ਐਂਟੀ ਕਰੱਪਸ਼ਨ ਐਂਡ ਕ੍ਰਾਈਮ ਬਿਓਰੋ ਰਜਿ ਗਿੱਦੜਬਾਹਾ ਦੀ ਅਹਿਮ ਮੀਟਿੰਗ ਹੋਈ



ਗਿੱਦੜਬਾਹਾ (ਲੋਕ ਬਾਣੀ) ਨੈਸ਼ਨਲ ਐਂਟੀ ਕਰੱਪਸ਼ਨ ਐਂਡ ਕ੍ਰਾਈਮ ਬਿਓਰੋ ਰਜਿ ਗਿੱਦੜਬਾਹਾ ਦੀ ਅਹਿਮ ਮੀਟਿੰਗ ਸੰਸਥਾ ਵੱਲੋਂ ਚੱਲ ਰਹੀ ਨੇਕੀ ਦੀ ਦੁਕਾਨ ਵਿਖੇ ਹੋਈ, ਜਿਸ ਵਿਚ ਲਗਭਗ 24 ਦਿਨਾਂ ਤੋਂ ਠੰਡ ਦੇ ਮੌਸਮ ਕਾਰਨ ਗਰੀਬ ਅਤੇ ਜ਼ਰੂਰਤਮੰਦ ਲੋਕਾਂ ਨੂੰ ਗਰਮ ਕਪੜੇ ਵੰਡਣ ਦੀ ਸੰਸਥਾ ਵੱਲੋਂ ਚਲਾਈ ਜਾ ਰਹੀ ਮੁਫ਼ਤ ਸਟਾਲ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਸੰਸਥਾ ਕਾਰਜਕਾਰੀ ਪ੍ਰਧਾਨ ਉਮੇਸ਼ ਮੋਗਾ ਵੱਲੋਂ ਬਤੌਰ ਕਾਰਜਕਾਰੀ ਪ੍ਰਧਾਨ ਅਸਤੀਫਾ ਦਿੱਤਾ ਗਿਆ, ਜਿਸ ਦੇ ਮੱਦੇਨਜਰ ਚੋਣ ਪ੍ਰਕਿਰਿਆ ਨੂੰ ਵੀ ਅਮਲੀ ਰੂਪ ਦਿੱਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਸੰਸਥਾ ਦੇ ਰਾਜੇਸ਼ ਬਾਂਸਲ ਨੇ ਦੱਸਿਆ ਕਿ ਸੰਸਥਾ ਵੱਲੋਂ ਕਾਰਜਕਾਰੀ ਪ੍ਰਧਾਨ ਦਾ ਅਸਤੀ.ਫਾ ਮੰਜ਼ੂਰ ਕਰਕੇ ਸਰਵਸੰਮਤੀ ਨਾਲ ਪ੍ਰਦੀਪ ਸ਼ਰਮਾ, ਉਮੇਸ਼ ਮੋਗਾ, ਰਾਜੇਸ਼ ਬਾਂਸਲ ਦੀ ਚੋਣ ਕਰਕੇ ਸੰਸਥਾ ਦੀ ਤਿੰਨ ਮੈਂਬਰੀ ਕਾਰਜਕਾਰਨੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਸੁਖਪਾਲ ਸ਼ਰਮਾ, ਸਰਪ੍ਰਸਤ ਬਣਾਇਆ ਗਿਆ। ਉਨ੍ਹਾਂ ਦੱਸਿਆ ਕਿ ਹੋਰ ਪ੍ਰੀਕ੍ਰਿਆਵਾ ਨੂੰ ਪੂਰਾ ਕਰਨ ਲਈ ਸਮੂਹ ਮੈਂਬਰਾਂ ਦੀ ਮੀਟਿੰਗ ਇਸੇ ਤਰ੍ਹਾਂ ਕਰਕੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਇਸ ਮੌਕੇ ਰਵੀ ਸਿੰਗਲਾ, ਦਿਨੇਸ਼ ਮਾਨਕਟਾਲਾ, ਉਮੇਸ਼ ਮੋਗਾ, ਦਵਿੰਦਰ ਸਿੰਗਲਾ, ਪ੍ਰਦੀਪ ਸ਼ਰਮਾ,ਰਿਸ਼ੂ ਸਿੰਗਲਾ, ਭੀਸ਼ਮ ਜੱਗਾ,ਓਮ ਪ੍ਰਕਾਸ਼ ਰਿਟਾਇਰ ਮਿਊਸਪਲ ਕਮੇਟੀ ਅਤੇ ਰਾਜੇਸ਼ ਬਾਂਸਲ ਆਦਿ ਮੈਂਬਰ ਹਾਜ਼ਰ ਸਨ।

# ਇੱਕ ਦਿਨ ਦੀ ਡਿਪਟੀ ਕਮਿਸ਼ਨਰ ਬਣੀ ਭਾਨਵੀ



ਅੰਮ੍ਰਿਤਸਰ, (ਲੋਕ ਬਾਣੀ)- ਛੇਵੀਂ ਜਮਾਤ ਵਿੱਚ ਪੜਦੀ ਬੱਚੀ ਭਾਨਵੀ, ਜਿਸ ਨੂੰ ਵੱਡੇ ਹੋ ਕੇ ਸਿਵਲ ਸਰਵਿਸ ਦੀ ਪ੍ਰੀਖਿਆ ਪਾਸ ਕਰਕੇ ਡਿਪਟੀ ਕਮਿਸ਼ਨਰ ਲੱਗਣ ਦਾ ਸ਼ੌਕ ਹੈ। ਉਸ ਨੇ ਜਦ ਹਿੰਮਤ ਕਰਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨਾਲ ਫੋਨ ਉੱਤੇ ਗੱਲਬਾਤ ਕੀਤੀ ਤਾਂ ਉਹਨਾਂ ਨੇ ਬੜੀ ਫਰਾਖਦਿਲੀ ਵਿਖਾਉਂਦੇ ਹੋਏ ਉਸ ਨੂੰ ਆਪਣੇ ਦਫਤਰ ਸੱਦਿਆ ਅਤੇ ਡਿਪਟੀ ਕਮਿਸ਼ਨਰ ਦੀ ਕੁਰਸੀ ਉੱਤੇ ਬਿਠਾ ਕੇ ਇੱਕ ਦਿਨ ਦਾ ਡਿਪਟੀ ਕਮਿਸ਼ਨਰ ਕਹਿੰਦੇ ਹੋਏ ਸਾਰੀਆਂ ਜਿੰਮੇਵਾਰੀਆਂ ਸਮਝਾਈਆਂ।

ਦੱਸਣ ਯੋਗ ਹੈ ਕਿ ਉਕਤ ਬੱਚੀ ਭਾਨਵੀ ਛੇਵੀਂ ਵਿਦਿਆਰਥੀ ਵਿਦਿਆਰਥਣ ਹੈ ਅਤੇ ਉਸ ਦੀ ਇੱਛਾ ਦੇਸ਼ ਲਈ ਕੁਝ ਕਰਨ ਗੁਜਰਨ ਦੀ ਹੈ, ਜਿਸ ਲਈ ਉਹ ਸਿਵਿਲ ਸਰਵਿਸ ਦੀ ਪ੍ਰੀਖਿਆ ਪਾਸ ਕਰਨਾ ਚਾਹੁੰਦੀ ਹੈ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਹਨੀ ਨੇ ਪਹਿਲਾਂ ਹੀ ਇਹ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਕਿ ਜੋ ਵੀ ਬੱਚੇ ਆਪਣੇ ਭਵਿੱਖ ਦਾ ਸੁਪਨਾ ਲੈਂਦੇ ਹਨ, ਉਹਨਾਂ ਨੂੰ ਸੁਪਨਾ ਪੂਰਾ ਕਰਨ ਲਈ ਮੁਢਲੀ ਜਾਣਕਾਰੀ ਤੋਂ ਇਲਾਵਾ ਜੋ ਵੀ ਸਿੱਖਿਆ ਚਾਹੀਦੀ ਹੋਵੇ ਉਹ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ।

ਅੱਜ ਉਹਨਾਂ ਨੇ ਉਕਤ ਬੱਚੀ ਨੂੰ ਆਪਣੇ ਮਾਪਿਆਂ ਨਾਲ ਦਫਤਰ ਆਉਣ ਦਾ ਸੱਦਾ ਦਿੱਤਾ ਅਤੇ ਆਪਣੀ ਗੱਡੀ ਭੇਜ ਕੇ ਬੱਚੀ ਨੂੰ ਮਾਪਿਆਂ ਸਮੇਤ ਦਫਤਰ ਬੁਲਾਇਆ, ਜਿੱਥੇ ਉਹਨਾਂ ਨੇ ਬੱਚੀ ਨੂੰ ਡਿਪਟੀ ਕਮਿਸ਼ਨਰ ਦੀਆਂ ਜਿੰਮੇਵਾਰੀਆਂ, ਸਮਾਜ ਦੀਆਂ ਲੋੜਾਂ, ਸਿਵਿਲ ਸਰਵਿਸ ਦੀ ਪ੍ਰੀਖਿਆ ਪਾਸ ਕਰਨ ਲਈ ਯੋਗਤਾ ਅਤੇ ਪੜ੍ਹਾਈ ਲਈ ਕੀਤੀ ਜਾਣ ਵਾਲੀ ਮਿਹਨਤ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨਾਂ ਇਸ ਉਪਰੰਤ ਉਕਤ ਬੱਚੀ ਨੂੰ ਆਪਣੀ ਕੁਰਸੀ ਉੱਤੇ ਬਿਠਾ ਕੇ ਇੱਕ ਦਿਨ ਦਾ ਡਿਪਟੀ ਕਮਿਸ਼ਨਰ ਥਾਪਦੇ ਹੋਏ ਡਿਪਟੀ ਕਮਿਸ਼ਨਰ ਵੱਲੋਂ ਕੀਤੀਆਂ ਜਾਣ ਵਾਲੀਆਂ ਵੀਡੀਓ ਕਾਨਫਰੰਸ, ਮੀਟਿੰਗਾਂ ਆਦਿ ਦਾ ਵੀ ਅਨੁਭਵ ਕਰਾਇਆ।

# ਬੀਜੇਪੀ ਦੇ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦੇ ਜਨਮ ਦਿਨ ਮਨਾਇਆ ਗਿਆ



ਮਲੋਟ (ਲੋਕ ਬਾਣੀ) ਭਾਰਤੀ ਜਨਤਾ ਪਾਰਟੀ ਮਲੋਟ ਦਿਹਾਤੀ ਵੱਲੋਂ ਮੰਡਲ ਇੰਚਾਰਜ ਬਲਜੀਤ ਸਿੰਘ ਬਰਾੜ ਦੀ ਅਗਵਾਈ ਵਿੱਚ ਦੇਸ਼ ਦੇ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦਾ ਜਨਮ ਦਿਨ ਮਨਾਇਆ ਗਿਆ, ਇਸ ਮੌਕੇ ਤੇ ਜ਼ਿਲ੍ਹਾ ਵਾਈਸ ਪ੍ਰਧਾਨ ਅਮਨਦੀਪ ਸੰਧੂ ਅਤੇ ਸੋਮਨਾਥ ਕਾਲੜਾ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦੀ ਜੀਵਨੀ ਤੇ ਚਾਨਣਾ ਪਾਇਆ,ਇਸ ਮੌਕੇ ਭਾਜਪਾ ਆਗੂ ਗੁਲਸ਼ਨ ਸ਼ਰਮਾ, ਰੇਸ਼ਮ ਸਿੰਘ, ਜਸਬੀਰ ਸਿੰਘ ਝੋਰੜ, ਛਿੰਦਰਪਾਲ ਸਿੰਘ, ਸੰਤ ਨਿਰਮਲ ਸਵਾਮੀ, ਪਿੱਪਲ ਸਿੰਘ,ਰਾਜ ਕੁਮਾਰ, ਮਲਕੀਤ ਸਿੰਘ, ਗੁਰਮੀਤ ਸਿੰਘ ਪਿੰਡ ਮਲੋਟ, ਗੁਰਲਾਲ ਸਿੰਘ ਦਾਨੇਵਾਲਾ, ਰਣਧੀਰ ਨਾਗਪਾਲ,ਰਾਜਬਿੰਦਰ ਸਿੰਘ ਆਦਿ ਹਾਜ਼ਰ ਸਨ।

# ਮਲੋਟ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਸ੍ਰੀ ਸਤੀਸ਼ ਅਸੀਜਾ ਜੀ ਅਤੇ ਮੰਡਲ ਵੱਲੋਂ ਮਨਾਇਆ ਗਿਆ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦੇ ਜਨਮ ਦਿਨ



ਮਲੋਟ (ਲੋਕ ਬਾਣੀ) ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਜੀ ਅਤੇ ਮੰਡਲ ਮਲੋਟ ਦੇ ਪ੍ਰਧਾਨ ਸ੍ਰੀ ਸੁਸ਼ੀਲ ਜਲਹੋਤਰਾ ਜੀ ਦੀ ਅਗਵਾਈ ਵਿੱਚ ਮਲੋਟ ਦੇ ਪਾਰਟੀ ਦਫਤਰ ਵਿਖੇ ਸੁਸ਼ਾਸਨ ਦਿਵਸ ਮਨਾਇਆ ਗਿਆ। ਜਿਸ ਵਿੱਚ ਭਾਰਤ ਰਤਨ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦੇ ਜੀਵਨ ਨਾਲ ਸੰਬੰਧਿਤ ਇਕ ਪ੍ਰਦਰਸ਼ਨੀ ਦਿਖਾਈ ਗਈ। ਇਸ ਮੌਕੇ ਸ੍ਰੀ ਮਨੋਹਰ ਨਾਗਪਾਲ, ਸ੍ਰੀ ਵੇਦ ਚੁਚਰਾ , ਅਮਨਦੀਪ ਸੰਧੂ, ਸ੍ਰੀ ਹੈਪੀ ਡਾਵਰ, ਸ੍ਰੀ ਅਸ਼ੋਕ ਜੱਗਾ, ਸ੍ਰੀ ਰਵਿੰਦਰ ਗੁਪਤਾ, ਸ੍ਰੀ ਸੁਸ਼ੀਲ ਗਰੋਵਰ, ਸ੍ਰੀ ਅਮਨ ਮਿੱਡਾ, ਰਿਖੀਕੇਸ ਭੋਲੀ, ਸ੍ਰੀ ਅਰੁਣ ਖੁਰਾਣਾ, ਸ੍ਰੀ ਅਸ਼ੋਕ ਅਰੋਦੀਆ, ਸ੍ਰੀ ਸਤੀਸ਼ ਚੰਦਰ ਦੂਬੇ, ਸ੍ਰੀ ਲੱਕੀ ਸੋਨੀ, ਸ੍ਰੀ ਓਮ ਪ੍ਰਕਾਸ਼ ਚਾਨਣਾ, ਸ੍ਰੀ ਪ੍ਰਵੀਨ ਮਦਾਨ, ਸ੍ਰੀ ਰਾਜੂ ਗੁਪਤਾ, ਸ੍ਰੀ ਰਮੇਸ਼ ਕੱਲੂ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਡਿਪਟੀ ਕਮਿਸ਼ਨਰ ਵੱਲੋਂ ਮੁੜ ਵਸੇਬਾ ਕੇਂਦਰ ਅਤੇ ਸੁਵਾਮੀ ਵਿਵੇਕਾਨੰਦ ਨਸ਼ਾ ਛੁਡਾਉ ਕੇਂਦਰ ਦਾ ਦੌਰਾ



ਅੰਮ੍ਰਿਤਸਰ, (ਲੋਕ ਬਾਣੀ)- ਅੰਮ੍ਰਿਤਸਰ ਦੇ ਮੈਡੀਕਲ ਕਾਲਜ ਵਿਖੇ ਚੱਲ ਰਹੇ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਉ ਅਤੇ ਮੁੜ ਵਸੇਬਾ ਕੇਂਦਰ ਦਾ ਦੌਰਾ ਕਰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਹਦਾਇਤ ਕੀਤੀ ਕਿ ਨਸ਼ੇ ਦੇ ਪੀੜਤ ਰੋਗੀਆਂ ਦਾ ਮੁਕੰਮਲ ਇਲਾਜ ਤੱਕ ਦੇ ਪ੍ਰਬੰਧ ਹਸਪਤਾਲ ਕਰੇ, ਚਾਹੇ ਇਸ ਲਈ ਮਰੀਜ਼ ਨੂੰ ਦਾਖਲ ਰੱਖਣਾ ਪਵੇ ਜਾਂ ਘਰ ਬੈਠ ਕੇ ਦਵਾਈ ਖਾਣ ਦਾ ਪ੍ਰਬੰਧ ਹੋਵੇ। ਉਨ੍ਹਾਂ ਕਿਹਾ ਕਿ ਮੇਰੇ ਲਈ ਇਸ ਤੋਂ ਵੱਡੀ ਖੁਸ਼ੀ ਵਾਲੀ ਕੋਈ ਹੋਰ ਗੱਲ ਨਹੀਂ ਹੋ ਸਕਦੀ ਕਿ ਸਾਡੇ ਕੇਂਦਰ ਤੋਂ ਕਿਸੇ ਜਵਾਨ ਨੂੰ ਨਵੀਂ ਜਿੰਦਗੀ ਮਿਲ ਜਾਵੇ।

ਇਸ ਮੌਕੇ ਸੈਂਟਰ ਇੰਚਾਰਜ ਡਾਕਟਰ ਨੀਰੂ ਬਾਲਾ ਨੇ ਦੱਸਿਆ ਕਿ ਇਸ ਕੇਂਦਰ ਵਿਚ ਨਸ਼ੇ ਤੋਂ ਪੀੜਤ ਵਿਅਕਤੀਆਂ ਨੂੰ ਦਾਖਲ ਕਰਕੇ ਇਲਾਜ ਕਰਨ ਦਾ ਪ੍ਰਬੰਧ ਹੈ ਅਤੇ ਇਸ ਲਈ 50 ਬਿਸਤਰਿਆਂ ਦਾ ਹਸਪਤਾਲ ਹੈ, ਜਿੱਥੇ ਮੈਡੀਕਲ ਕਾਲਜ ਹੋਣ ਕਾਰਨ ਹਰੇਕ ਤਰ੍ਹਾਂ ਦੇ ਡਾਕਟਰ ਦੀ ਸਹੂਲਤ ਮੌਜੂਦ ਹੈ। ਉਨਾਂ ਦੱਸਿਆ ਕਿ ਮੈਡੀਕਲ ਕਾਲਜ ਅਧੀਨ ਓਟ ਸੈਂਟਰ, ਨਸ਼ਾ ਛੁਡਾਉ ਕੇਂਦਰ ਅਤੇ ਮੁੜ ਵਸੇਬਾ ਕੇਂਦਰ ਕੰਮ ਕਰ ਰਹੇ ਹਨ ਜਿਥੇ ਰੋਜਾਨਾ ਨਸ਼ੇ ਤੋਂ ਪੀੜਤ ਵਿਅਕਤੀਆਂ ਦਾ ਇਲਾਜ ਬਿਲਕੁਲ ਮੁਫ਼ਤ ਕੀਤਾ ਜਾ ਰਿਹਾ ਹੈ। ਮਰੀਜ਼ਾਂ ਨੂੰ ਵਧੀਆ ਖਾਣਾ, ਮਨੋਵਿਗਿਆਨਕ ਡਾਕਟਰਾਂ ਦੁਆਰਾ ਕੌਂਸਲਿੰਗ, ਖੇਡਾਂ ਦਾ ਪ੍ਰਬੰਧ, ਟੈਲੀਵਿਜ਼ਨ ਆਦਿ ਦੀ ਸਹੂਲਤ ਬਿਲਕੁਲ ਮੁਫ਼ਤ ਦਿੱਤੀ ਜਾ ਰਹੀ ਹੈ ਅਤੇ ਕਰੀਬ 2 ਕਰੋੜ ਰੁਪਏ ਦਾ ਸਲਾਨਾ ਖਰਚ ਇਸ ਕੇਂਦਰ ਉਤੇ ਸਰਕਾਰ ਕਰ ਰਹੀ ਹੈ। ਉਨਾਂ ਦੱਸਿਆ ਕਿ ਸੈਂਟਰ ਵਿੱਚ ਕੌਂਸਲਰਜ਼ ਦੀ ਵੀ ਮੌਜੂਦ ਹਨ, ਜੋ ਕਿ ਨਸ਼ਾ ਪੀੜਤਾਂ ਨਾਲ ਕੌਂਸਲਿੰਗ ਕਰਕੇ ਨਸ਼ਾ ਛੱਡਣ ਲਈ ਪ੍ਰੇਰਿਤ ਕਰਦੇ ਹਨ।

ਡਿਪਟੀ ਕਮਿਸ਼ਨਰ ਨੇ ਜਿਲ੍ਹੇ ਦੇ ਸਾਰੇ ਜਾਗਰੂਕ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਆਪਣੇ, ਗਵਾਂਢੀ ਜਾਂ ਜਾਣਕਾਰ ਦੇ ਬੱਚੇ ਜੋ ਕਿ ਬੁਰੀ ਸੰਗਤ ਕਾਰਨ ਨਸ਼ੇ ਦੇ ਆਦੀ ਹੋ ਗਏ ਹਨ, ਨੂੰ ਨਵਾਂ ਜੀਵਨ ਦੇਣ ਲਈ ਇਸ ਕੇਂਦਰ ਦੀ ਸੇਵਾ ਬਿਲਕੁਲ ਮੁਫ਼ਤ ਲੈ ਸਕਦੇ ਹਨ। ਉਨਾਂ ਰੈਡ ਕ੍ਰਾਸ ਨੂੰ ਹਦਾਇਤ ਕੀਤੀ ਕਿ ਇੱਥੇ ਦਾਖਲ ਮਰੀਜ਼ਾਂ ਦੀ ਆਰਥਿਕ ਸਹਾਇਤਾ ਲਈ ਰੈਡ ਕ੍ਰਾਸ ਸਹਿਯੋਗ ਦੇਵੇ। ਇਸ ਮੌਕੇ ਸਹਾਇਕ ਕਮਿਸ਼ਨਰ ਮੈਡਮ ਸੋਨਮ ਅਤੇ ਹੋਰ ਅਧਿਕਾਰੀ ਵੀ ਨਾਲ ਸਨ।

# ਹਲਕਾ ਗਿੱਦੜਬਾਹਾ ਦੇ ਮੰਡਲ ਕੋਟਲੀ ਅਬਲੂ ਅਤੇ ਪਿੰਡ ਭਲਾਈਆਣਾ ਵਿਖੇ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦਾ ਜਨਮ ਦਿਨ ਮਨਾਇਆ ਗਿਆ




ਗਿੱਦੜਬਾਹਾ (ਲੋਕ ਬਾਣੀ) ਗਿੱਦੜਬਾਹਾ ਹਲਕੇ ਦੇ ਪਿੰਡ ਭਲਾਈਆਣਾ ਅਤੇ ਮੰਡਲ ਕੋਟਲੀ ਅਬਲੂ ਵਿਖੇ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਅਟਲ ਬਿਹਾਰੀ ਵਾਜਪਾਈ ਜੀ ਦਾ ਜਨਮ ਦਿਨ ਜ਼ਿਲ੍ਹਾ ਜਰਨਲ ਸੈਕਟਰੀ ਚੰਦਨ ਚਾਵਲਾ ਜੀ ਦੀ ਅਗਵਾਈ ਵਿੱਚ ਮਨਾਇਆ ਗਿਆ ਇਸ ਮੌਕੇ ਤੇ ਮੰਡਲ ਪ੍ਰਧਾਨ ਅਮਰਜੀਤ ਸ਼ਰਮਾ, ਮੰਡਲ ਵਾਈਸ ਪ੍ਰਧਾਨ ਪ੍ਰੈਸ ਕੁਮਾਰ ਮਹਿਲਾ ਮੋਰਚਾ ਪ੍ਰਧਾਨ ਗੁਰਮੀਤ ਕੌਰ, ਨਿਰਮਲ ਸਿੰਘ, ਤਰਸੇਮ ਚੰਦ ਅਤੇ ਬੀਜੇਪੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਜਿੱਤ ਦੀ ਹੈਟ੍ਰਿਕ ਲਗਾ ਚੁੱਕੇ ਭਾਜਪਾ ਕੌਂਸਲਰ ਅਮਨ ਐਰੀ ਨਿਗਮ ਹਾਊਸ ਵਿੱਚ ਵਿਰੋਧੀ ਧਿਰ ਦੇ ਨੇਤਾ ਦੇ ਕਾਬਿਲ



ਅੰਮ੍ਰਿਤਸਰ, (ਲੋਕ ਬਾਣੀ)- ਨਗਰ ਨਿਗਮ ਅੰਮ੍ਰਿਤਸਰ ਦੇ ਵਿੱਚ ਆਪਣਾ ਮੇਅਰ ਬਣਾਉਣ ਦੇ ਲਈ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਨੇਤਾ ਜਦੋਜਹਿਦ ਕਰਦਿਆਂ ਹਰ ਤਰੀਕੇ ਦੇ ਸੰਭਵ ਯਤਨ ਕਰ ਰਹੇ ਹਨ। ਉਧਰ ਦੂਸਰੇ ਪਾਸੇ 85 ਵਿੱਚੋਂ 9 ਸੀਟਾਂ ਤੇ ਸਿਮਟੀ ਭਾਰਤੀ ਜਨਤਾ ਪਾਰਟੀ ਵੀ ਨਗਰ ਨਿਗਮ ਹਾਊਸ ਦੇ ਲਈ ਵਿਰੋਧੀ ਧਿਰ ਦੇ ਨੇਤਾ ਚੁਣੇਗੀ। ਅੰਦਰਖਾਤੇ ਭਾਜਪਾ ਵਰਕਰਾਂ ਦੀ ਸੁਣੀਏ ਤਾਂ ਉਹ ਅਮਨ ਐਰੀ ਨੂੰ ਨਗਰ ਨਿਗਮ ਹਾਊਸ ਵਿੱਚ ਭਾਜਪਾ ਦੇ ਵਿਰੋਧੀ ਧਿਰ ਦੇ ਨੇਤਾ ਵਜੋਂ ਦੇਖਣਾ ਚਾਹੁੰਦੇ ਹਨ। ਪਿਛਲੇ ਇਤਿਹਾਸ ਵਿੱਚ ਧਿਆਨ ਮਾਰਿਆ ਜਾਵੇ ਤਾਂ ਕਿਸੇ ਸਮੇਂ ਕੈਬਨਿਟ ਮੰਤਰੀ ਦੇ ਬਹੁਤ ਜਿਆਦਾ ਕਰੀਬੀ ਰਹੇ ਅਮਨ ਐਰੀ ਸਾਲ 2012, 2017 ਅਤੇ 2024 ਵਿੱਚ ਲਗਾਤਾਰ ਤਿੰਨ ਵਾਰੀ ਨਗਰ ਨਿਗਮ ਚੋਣਾਂ ਜਿੱਤ ਕੇ ਹੈਟ੍ਰਿਕ ਲਗਾ ਚੁੱਕੇ ਹਨ। ਪਹਿਲੀਆਂ ਹਾਊਸ ਦੀਆਂ ਬੈਠਕਾਂ ਦੇ ਦੌਰਾਨ ਅਮਨ ਐਰੀ ਵੱਲੋਂ ਜਿੱਥੇ ਆਪਣੀ ਵਾਰਡ ਦੇ ਨਾਲ ਸ਼ਹਿਰਵਾਸੀਆਂ ਅਤੇ ਪਾਰਟੀ ਦੀਆਂ ਗੱਲਾਂ ਨੂੰ ਖੁੱਲ ਕੇ ਹਾਊਸ ਵਿੱਚ ਰੱਖਿਆ ਗਿਆ। ਉੱਥੇ ਧਾਕੜ ਤਰੀਕੇ ਦੇ ਨਾਲ ਵਿਰੋਧੀ ਆਮ ਵੱਲੋਂ ਕੀਤੇ ਜਾ ਰਹੇ ਗਲਤ ਫੈਸਲਿਆਂ ਦਾ ਡੱਟ ਕੇ ਵਿਰੋਧ ਕਰਨ ਦੇ ਵਿੱਚ ਵੀ ਕਦੀ ਪਿੱਛੇ ਨਹੀਂ ਰਹੇ, ਸਮਾਚਾਰ ਪੱਤਰਾਂ, ਪਾਰਟੀ ਅਤੇ ਸ਼ਹਿਰ ਵਾਸੀਆਂ ਵਿੱਚ ਚਰਚਾ ਦਾ ਵਿਸ਼ਾ ਵੀ ਬਣਦੇ ਦੇਖੇ ਗਏ। ਸਾਲ 2024 ਦੀਆਂ ਲੋਕ ਸਭਾ ਦੌਰਾਨ ਅਮਨ ਐਰੀ ਕੈਬਨਿਟ ਮੰਤਰੀ ਅਨਿਲ ਜੋਸ਼ੀ ਦਾ ਸਾਥ ਛੱਡ ਕੇ ਅਕਾਲੀ ਦਲ ਦੇ ਵਿੱਚੋਂ ਜਦੋਂ ਭਾਜਪਾ ਵਿੱਚ ਸ਼ਾਮਿਲ ਹੋਏ ਸਨ। ਉਸ ਸਮੇਂ ਇਹ ਵੀ ਸੁਣਨ ਵਿੱਚ ਆਉਂਦਾ ਰਿਹਾ ਕਿ ਅੰਦਰ ਖਾਤੇ ਅਮਨ ਐਰੀ ਅਨਿਲ ਜੋਸ਼ੀ ਦੇ ਨਾਲ ਹਨ। ਪਰ ਗਲਤ ਅਫਵਾਹਾਂ ਫੈਲਾਉਣ ਅਤੇ ਤਮਾਸ਼ਾ ਦੇਖਣ ਵਾਲਿਆਂ ਤੇ ਮੂੰਹ ਉੱਪਰ ਉਸ ਵੇਲੇ ਕਰਾਰਾ ਤਮਾਚਾ ਲੱਗਾ ਜਦੋਂ ਅਮਨ ਐਰੀ ਨੇ ਆਪਣੀ ਵਾਰਡ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸਮੁੰਦਰੀ ਨੂੰ 1900 ਦੀ ਲੀਡ ਦੇ ਨਾਲ ਸ਼ਾਨਦਾਰ ਜਿੱਤ ਦਿਵਾਉਣ ਲਈ ਦਿਨ ਰਾਤ ਇੱਕ ਕਰ ਦਿੱਤਾ। ਐਰੀ ਨੇ ਇੱਕ ਵਾਰੀ ਸਾਬਿਤ ਕਰ ਦਿੱਤਾ ਕਿ ਉਹ ਭਾਜਪਾ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ। ਅਮਨ ਐਰੀ ਦੀ ਲੋਕਪ੍ਰਿਯਤਾ ਸ਼ਹਿਰ ਅਤੇ ਭਾਜਪਾ ਦੇ ਪ੍ਰਤੀ ਵਿਕਾਸ ਪੱਖੀ ਸੋਚ ਅਤੇ ਸਮਰਪਿਤ ਸੇਵਾਵਾਂ ਵੱਲ ਧਿਆਨ ਕੀਤਾ ਜਾਵੇ ਤਾਂ ਅਮਨ ਐਰੀ ਇਸ ਵਾਰੀ ਨਵੇਂ ਬਣਨ ਵਾਲੇ ਹਾਊਸ ਵਿੱਚ ਭਾਜਪਾ ਵੱਲੋਂ ਵਿਰੋਧੀ ਤੇ ਦਿਨ ਨੇਤਾ ਚੁਣੇ ਜਾਣ ਦੇ ਕਾਬਿਲ ਹਨ।

# ਚਾਹ ਅਤੇ ਬਰੈਡ ਪਕੌੜਿਆਂ ਦਾ ਲੰਗਰ ਲਗਾਇਆ



ਖਰੜ, (ਕਾਲਾ ਸਿੰਘ ਸੈਣੀ )- ਧੰਨ-ਧਨ ਮਾਤਾ ਗੁਜ਼ਰੀ ਜੀ, ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ,ਬਾਬਾ ਫਤਿਹ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਰੰਧਾਵਾ ਰੋਡ ਖਰੜ ਢੀਂਡਸਾ ਫਾਰਮ ਵਿਖੇ ਚਾਹ ਅਤੇ ਬਰੈਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਚਰਨਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦੀ ਯਾਦ ਵਿਚ ਇਹ ਲੰਗਰ ਲਗਾਇਆ ਜਾਂਦਾ ਹੈ। ਇਸ ਮੌਕੇ ਸਵਰਨ ਸਿੰਘ ਢੀਂਡਸਾ, ਹਰਪਾਲ ਸਿੰਘ, ਸਰਬਜੀਤ ਸਿੰਘ ਲਹਿਰਾ, ਜਗਦੀਪ ਸਿੰਘ ਢੀਂਡਸਾ, ਅਮਰਿੰਦਰ ਸਿੰਘ, ਗੁਰਪ੍ਰੀਤ ਸਿੰਘ ਜਤਿੰਦਰ ਸਿੰਘ, ਇੰਦਰਪ੍ਰੀਤ ਸਿੰਘ, ਅਜੈਬ ਸਿੰਘ, ਗੁਰਮੁੱਖ ਸਿੰਘ, ਬਲਜਿੰਦਰ ਸਿੰਘ ਮਨਿੰਦਰਪਾਲ ਸਿੰਘ, ਪਵਿੱਤਰ ਸਿੰਘ, ਅਮਨਪ੍ਰੀਤ ਸਿੰਘ, ਗੁਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਹਰਵਿੰਦਰ ਸਿੰਘ, ਗੁਰਮੀਤ ਸਿੰਘ, ਸੱਜਣ ਸਿੰਘ ਹਰਮਿੰਦਰ ਸਿੰਘ, ਜਤਿੰਦਰਪਾਲ ਸਿੰਘ, ਹਰਪ੍ਰੀਤ ਸਿੰਘ ਸਿੰਘ, ਗੁਰਵੀਰ ਸਿੰਘ, ਰਘਵੀਰ ਸਿੰਘ, ਹਰਜੀਤ ਸਿੰਘ ਸਮੇਤ ਹੋਰ ਇਲਾਕਾ ਨਿਵਾਸੀ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ‘ਨਿੱਕੀਆਂ ਜ਼ਿੰਦਾਂ ਵੱਡੇ ਸਾਕੇ’ ਸਾਕਾ-ਏ-ਸਰਹਿੰਦ ਨਾਟਕ ਦਾ ਮੰਚਨ 28 ਦਸੰਬਰ ਨੂੰ



ਖਰੜ, ( ਕਾਲਾ ਸਿੰਘ ਸੈਣੀ )-ਛੋਟੇ ਸ਼ਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ‘ਨਿੱਕੀਆਂ ਜ਼ਿੰਦਾਂ ਵੱਡੇ ਸਾਕੇ’ ਸਾਕਾ-ਏ-ਸਰਹਿੰਦ ਧਾਰਮਿਕ ਨਾਟਕ ਦਾ ਮੰਚਨ 28 ਦਸੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਰਾਜਿੰਦਰ ਸਿੰਘ, ਜਰਨਲ ਸੈਕਟਰੀ ਮਨਿੰਦਰ ਸਿੰਘ, ਦੇਵਿੰਦਰ ਸਿੰਘ ਬਤਰਾ ਪ੍ਰਧਾਨ ਸਿੱਖ ਯੂਥ ਕਮੇਟੀ ਖਰੜ ਨੇ ਦੱਸਿਆ ਕਿ ਗੁਰਦੁਆਰਾ ਸਿੰਘ ਸਭਾ,ਜਨਤਾ ਚੌਕ ਖਰੜ ਵਿਖੇ ਯੂਨੀਵਰਸਲ ਆਰਟ ਕਲਚਰ ਵੈਲਫੇਅਰ ਸੋਸਾਇਟੀ ਵਲੋਂ 28 ਦਸੰਬਰ ਨੂੰ ਧਾਰਮਿਕ ਨਾਟਕ ‘ਨਿੱਕੀਆਂ ਜ਼ਿੰਦਾਂ ਵੱਡੇ ਸਾਕੇ’ ਸਾਕਾ-ਏ-ਸਰਹਿੰਦ ਦਾ ਲਾਇਟ ਐਂਡ ਸਾਊਂਡ ਮੰਚਨ ਰਾਤ 7:30 ਵਜੇ ਮੰਚਨ ਹੋਵੇਗਾ। ਉਨਾਂ ਦੱਸਿਆ ਕਿ ਇਸ ਨਾਟਕ ਦੀ ਪੇਸ਼ਕਸ਼ ਤੋਂ ਪਹਿਲਾ ਬੱਚਿਆਂ ਵਲੋਂ ਕੀਰਤਨ ਰਾਹੀ ਹਾਜ਼ਰੀ ਲਗਾਈ ਜਾਗੇਗੀ। ਉਨਾਂ ਦੱਸਿਆ ਕਿ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ,ਸਿੱਖ ਯੂਥ ਕਮੇਟੀ ਖਰੜ, ਬਾਬਾ ਜੁਝਾਰ ਸਿੰਘ ਕਲੱਬ, ਇਸਤਰੀ ਸਭਾ ਸਤਿਸੰਗ,ਗੁਰੂ ਘਰ ਦੇ ਦਾਸ ਸੇਵਾ ਸੁਸਾਇਟੀ ਖਰੜ ਅਤੇ ਸੰਗਤਾਂ ਦੇ ਸਹਿਯੋਗ ਸਦਕਾ ਇਹ ਧਾਰਮਿਕ ਪ੍ਰੋਗਰਾਮ ਕਰਵਾਇਆ ਜਾ ਰਿਰਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਸੂਦਨ,ਮਨਪ੍ਰੀਤ ਸਿੰਘ ਗੋਲਡੀ ਬਤਰਾ,ਦੇਵਿੰਦਰ ਸਿੰਘ ਸੰਨੀ,ਗੁਰਪ੍ਰੀਤ ਸਿੰਘ ਲਵਲੀ,ਆਗਿਆਪਾਲ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਨਿਸਾਨ ਅਤੇ ਹੌਂਡਾ ਨੇ ਵਪਾਰਕ ਏਕੀਕਰਣ ਤੇ ਵਿਚਾਰ ਕਰਨ ਲਈ ਸਮਝੌਤੇ ਤੇ ਦਸਤਖਤ ਕੀਤੇ

ਚੰਡੀਗੜ੍ਹ (ਲੋਕ ਬਾਣੀ): ਨਿਸਾਨ ਮੋਟਰ ਕੰਪਨੀ ਲਿਮਟਿਡ (ਨਿਸਾਨ) ਅਤੇ ਹੌਂਡਾ ਮੋਟਰ ਕੰਪਨੀ ਲਿਮਟਿਡ (ਹੌਂਡਾ) ਨੇ ਇੱਕ ਜੁਆਇੰਟ ਹੋਲਡਿੰਗ ਕੰਪਨੀ (ਐਮਓਯੂ) ਦੀ ਸਥਾਪਨਾ ਕਰਕੇ ਦੋਵਾਂ ਕੰਪਨੀਆਂ ਵਿਚਕਾਰ ਵਪਾਰਕ ਏਕੀਕਰਣ ਤੇ ਵਿਚਾਰ ਕਰਨ ਅਤੇ ਵਿਚਾਰ-ਵਟਾਂਦਰਾ ਸ਼ੁਰੂ ਕਰਨ ਲਈ ਇੱਕ ਸਮਝੌਤਾ ਕੀਤਾ ਹੈ ) ਤੇ ਦਸਤਖਤ ਕੀਤੇ ਗਏ ਹਨ।

ਨਿਸਾਨ ਅਤੇ ਹੌਂਡਾ ਨੇ ਕਾਰਬਨ-ਨਿਰਪੱਖ ਸਮਾਜ ਅਤੇ ਜ਼ੀਰੋ-ਟ੍ਰੈਫਿਕ ਘਾਤਕ ਸਮਾਜ (ਸੜਕ ਹਾਦਸਿਆਂ ਤੋਂ ਮੁਕਤ ਸਮਾਜ) ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਆਪਣੇ ਯਤਨਾਂ ਨੂੰ ਤੇਜ਼ ਕਰਨ ਲਈ 15 ਮਾਰਚ ਨੂੰ ਇੱਕ ਸਮਝੌਤੇ ਤੇ ਦਸਤਖਤ ਕੀਤੇ।

ਵਾਹਨ ਇੰਟੈਲੀਜੈਂਸ ਅਤੇ ਇਲੈਕਟ੍ਰੀਫਿਕੇਸ਼ਨ ਦੇ ਯੁੱਗ ਵਿੱਚ ਰਣਨੀਤਕ ਭਾਈਵਾਲੀ ਨੂੰ ਅੱਗੇ ਵਧਾਉਣ ਲਈ ਇਸ ਐਮਓਯੂ ਉੱਤੇ ਹਸਤਾਖਰ ਕੀਤੇ ਗਏ ਸਨ। ਉਦੋਂ ਤੋਂ ਦੋਵਾਂ ਕੰਪਨੀਆਂ ਨੇ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਦੇ ਉਦੇਸ਼ ਨਾਲ ਕਈ ਵਿਚਾਰ ਵਟਾਂਦਰੇ ਕੀਤੇ ਹਨ।

ਕੰਪਨੀਆਂ ਨੇ ਅਗਲੀ ਪੀੜ੍ਹੀ ਦੇ ਸਾਫਟਵੇਅਰ ਪਰਿਭਾਸ਼ਿਤ ਵਾਹਨਾਂ (♥4◌↔) ਲਈ ਪਲੇਟਫਾਰਮ ਵਿਕਸਿਤ ਕਰਨ ਲਈ ਬੁਨਿਆਦੀ ਤਕਨਾਲੋਜੀਆਂ ਵਿੱਚ ਸੰਯੁਕਤ ਖੋਜ ਕਰਨ ਲਈ ਇੱਕ ਸਮਝੌਤੇ ਦਾ ਐਲਾਨ ਵੀ ਕੀਤਾ ਹੈ। ਇਸ ਚ ਖੁਫੀਆ ਅਤੇ ਬਿਜਲੀਕਰਨ ਵਰਗੇ ਮਹੱਤਵਪੂਰਨ ਖੇਤਰਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

1 ਅਗਸਤ ਨੂੰ, ਦੋਵਾਂ ਕੰਪਨੀਆਂ ਨੇ ਰਣਨੀਤਕ ਭਾਈਵਾਲੀ ਦੇ ਢਾਂਚੇ ਨੂੰ ਸਪੱਸ਼ਟ ਕਰਨ ਦੇ ਉਦੇਸ਼ ਨਾਲ ਇਕ ਹੋਰ ਐਮਓਯੂ ਤੇ ਦਸਤਖਤ ਕੀਤੇ।ਇਹ ਇੱਕ ਮਜ਼ਬੂਤ ਗਠਜੋੜ ਵੱਲ ਕੇਂਦਰਿਤ ਚਰਚਾ ਨੂੰ ਅੱਗੇ ਲਿਜਾਣ ਵਿੱਚ ਮਦਦ ਕਰੇਗਾ। ਸਾਰੀ ਪ੍ਰਕਿਰਿਆ ਦੌਰਾਨ, ਨਿਸਾਨ ਅਤੇ ਹੌਂਡਾ ਨੇ ਕਈ ਸੰਭਾਵਨਾਵਾਂ ਅਤੇ ਵਿਕਲਪਾਂ ਤੇ ਵਿਚਾਰ ਕੀਤਾ। ਇਸ ਦੌਰਾਨ, ਦੋਵਾਂ ਕੰਪਨੀਆਂ ਅਤੇ ਵਿਆਪਕ ਆਟੋਮੋਟਿਵ ਉਦਯੋਗ ਲਈ ਕਾਰੋਬਾਰੀ ਮਾਹੌਲ ਵੀ ਤੇਜ਼ੀ ਨਾਲ ਬਦਲਿਆ ਹੈ।

ਤਕਨਾਲੋਜੀ ਵਿੱਚ ਨਵੀਨਤਾ ਦੀ ਗਤੀ ਲਗਾਤਾਰ ਵਧ ਰਹੀ ਹੈ। ਨਿਸਾਨ ਅਤੇ ਹੌਂਡਾ ਵਿਚਕਾਰ ਅੱਜ ਐਲਾਨੇ ਗਏ ਸਮਝੌਤਿਆਂ ਦਾ ਉਦੇਸ਼ ਦੋਵਾਂ ਕੰਪਨੀਆਂ ਲਈ ਵਿਸ਼ਵ ਪੱਧਰੀ ਮੁਕਾਬਲੇਬਾਜ਼ੀ ਨੂੰ ਕਾਇਮ ਰੱਖਣ ਅਤੇ ਉਨ੍ਹਾਂ ਨੂੰ ਦੁਨੀਆ ਭਰ ਵਿੱਚ ਆਪਣੇ ਗਾਹਕਾਂ ਨੂੰ ਵਧੇਰੇ ਆਕਰਸ਼ਕ ਉਤਪਾਦਾਂ ਅਤੇ ਸੇਵਾਵਾਂ ਦੀ ਪੇਸ਼ਕਸ਼ ਕਰਨ ਦੇ ਯੋਗ ਬਣਾਉਣ ਲਈ ਇੱਕ ਮੌਕੇ ਵਜੋਂ ਕੰਮ ਕਰਨਾ ਹੈ। ਮਾਲੀਆ 30 ਟ੍ਰਿਲੀਅਨ ਯੇਨ ਤੋਂ ਵੱਧ ਜਾਵੇਗਾ ਅਤੇ ਓਪਰੇਟਿੰਗ ਲਾਭ 3 ਟ੍ਰਿਲੀਅਨ ਯੇਨ ਤੋਂ ਵੱਧ ਜਾਵੇਗਾ।

# ਮੁੱਖ ਮੰਤਰੀ ਦੀ ਯੋਗਸ਼ਾਲਾ ਤਹਿਤ ਖਰੜ ਵਿਖੇ ਲਗਦੀਆਂ ਯੋਗਸ਼ਲਾਵਾਂ ਦਾ ਲੋਕ ਲੈ ਰਹੇ ਨੇ ਭਰਪੂਰ ਲਾਹਾ: ਐੱਸ.ਡੀ.ਐਮ. ਗੁਰਮੰਦਰ ਸਿੰਘ

ਖਰੜ, (ਕਾਲਾਂ ਸੰਘ ਸੈਣੀ )- ਮੁੱਖ ਮੰਤਰੀ ਦੀ ਯੋਗਸ਼ਾਲਾ ਤਹਿਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅਤੇ ਪਿੰਡਾਂ ਵਿੱਚ ਲੱਗਦੀਆਂ ਮੁਫਤ ਯੋਗਸ਼ਲਾਵਾਂ ਦਾ ਲੋਕ ਭਰਪੂਰ ਲਾਹਾ ਲੈ ਰਹੇ ਹਨ। ਲੋਕਾਂ ਨੂੰ ਸਰਕਾਰ ਵੱਲੋਂ ਦਿੱਤਾ ਗਿਆ ਇੱਕ ਬਹੁਤ ਵੱਡਾ ਤੋਹਫਾ ਹੈ। ਇਹ ਪ੍ਰਗਟਾਵਾ ਕਰਦਿਆਂ ਐਸ. ਡੀ.ਐਮ, ਖਰੜ ਗੁਰਮੰਦਰ ਸਿੰਘ ਨੇ ਦੱਸਿਆ ਕਿ ਅੱਜ ਦੇ ਭੱਜ ਦੌੜ੍ਹ ਦੇ ਸਮੇਂ ਵਿੱਚ ਯੋਗ ਆਸਣ ਜਾਂ ਕਿਸੇ ਵੀ ਤਰ੍ਹਾਂ ਦੀ ਕਸਰਤ ਕਰਨਾ ਸਾਡੀ ਸਿਹਤ ਲਈ ਕਿੰਨਾ ਜ਼ਰੂਰੀ ਹੈ। ਪਰ ਰੁਝੇਵਿਆਂ ਭਰੀ ਜਿੰਦਗੀ ਅਤੇ ਸਮੇਂ ਦੀ ਘਾਟ ਕਾਰਨ ਜ਼ਿਆਦਾਤਰ ਲੋਕਾਂ ਲਈ ਯੋਗਾ ਕਰਨਾ ਜਾਂ ਕਸਰਤ ਕਰਨਾ ਸੰਭਵ ਨਹੀਂ ਹੁੰਦਾ ਪਰ ਹੁਣ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਦੀ ਯੋਗਸ਼ਾਲਾ ਨੇ ਲੋਕਾਂ ਜੀਵਨ ਵਿੱਚ ਬਹੁਤ ਹੀ ਬਦਲਾਅ ਲਿਆਂਦਾ ਹੈ। ਐੱਸ.ਡੀ.ਐਮ. ਗੁਰਮੰਦਰ ਸਿੰਘ ਅਨੁਸਾਰ ਖਰੜ ’ਚ ਮਾਹਿਰ ਯੋਗਾ ਟ੍ਰੇਨਰ ਅੰਜੂ ਸ਼ਰਮਾ ਵੱਲੋਂ ਰੋਜਾਨਾ 6 ਯੋਗਾ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ’ਚ ਉਨ੍ਹਾਂ ਵੱਲੋਂ ਲੀਲਾ ਔਰਚਿਡ, ਸੈਕਟਰ-115, ਖਰੜ ਵਿਖੇ ਪਹਿਲੀ ਕਲਾਸ ਸਵੇਰੇ 6.45 ਤੋਂ 7.45 ਵਜੇ ਤੱਕ, ਦੂਸਰੀ ਕਲਾਸ ਡੀਵਾਈਨ ਵਰਲਡ, ਸੈਕਟਰ-115, ਖਰੜ ਵਿਖੇ ਸਵੇਰੇ 8.30 ਵਜੇ ਤੋਂ 9.30 ਵਜੇ ਤੱਕ, ਤੀਸਰੀ ਕਲਾਸ ਐਗਜ਼ੋਟੀਆ ਹੋਮਜ਼, ਸੈਕਟਰ,115, ਖਰੜ ਵਿਖੇ ਸਵੇਰੇ 9.45 ਤੋਂ 10.45 ਵਜੇ



ਤੱਕ, ਚੌਥੀ ਕਲਾਸ ਡੀਵਾਈਨ ਗਲੋਬਲ ਹੋਮਜ਼, ਸੈਕਟਰ-115, ਖਰੜ ਵਿਖੇ ਸਵੇਰੇ 11.00 ਤੋਂ 12:00 ਵਜੇ ਤੱਕ ਪੰਜਵੀਂ ਕਲਾਸ ਲੀਲਾ ਔਰਚਿਡ, ਸੈਕਟਰ-115, ਖਰੜ ਵਿਖੇ ਸਵੇਰੇ 12.30 ਤੋਂ 1.30 ਵਜੇ ਤੱਕ ਹੁੰਦੀ ਹੈ ਅਤੇ ਛੇਵੀਂ ਕਲਾਸ ਡੀਵਾਈਨ ਵਰਲਡ, ਸੈਕਟਰ-115, ਖਰੜ ਵਿਖੇ ਸ਼ਾਮ ਨੂੰ 4:00 ਵਜੇ ਤੋਂ 5:00 ਵਜੇ ਤੱਕ ਲਗਾਈ ਜਾਂਦੀ ਹੈ, ਜਿੱਥੇ ਬਿਨਾਂ ਕੋਈ ਫ਼ੀਸ ਲਿਆਂ ਯੋਗਾ ਦੀ ਸਿਖਲਾਈ ਦਿੱਤੀ ਜਾਂਦੀ ਹੈ। ਯੋਗਾ ਟ੍ਰੇਨਰ ਅੰਜੂ ਸ਼ਰਮਾ ਨੇ ਦੱਸਿਆ ਕਿ ਯੋਗਾ ਆਸਣ ਨਾ ਸਿਰਫ ਸਰੀਰਕ ਸਗੋਂ ਮਾਨਸਿਕ ਸਿਹਤ ਨੂੰ ਵੀ ਲਾਭ ਪਹੁੰਚਾਉਂਦੇ ਹਨ, ਕਿਉਂਕਿ ਇਨ੍ਹਾਂ ਨੂੰ ਕਰਨ ਨਾਲ ਮਾਸਪੇਸ਼ੀਆਂ ਨੂੰ ਜ਼ਰੂਰੀ ਖਿੱਚਣ ਦੇ ਨਾਲ-ਨਾਲ ਇਕਾਗਰਤਾ ਅਤੇ ਮਾਨਸਿਕ ਸ਼ਾਂਤੀ ਵਰਗੇ ਲਾਭ ਵੀ ਹੁੰਦੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਰੋਜ਼ਾਨਾ ਸਿਰਫ਼ 20 ਤੋਂ 30 ਮਿੰਟਾਂ ਲਈ ਅਜਿਹੇ ਆਸਣਾਂ ਦਾ ਅਭਿਆਸ ਕਰਨਾ ਸਮੁੱਚੀ ਸਿਹਤ ਲਈ ਬਹੁਤ ਫਾਇਦੇਮੰਦ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਯੋਗਾ ਵਿੱਚ ਕਈ ਅਜਿਹੇ ਸੌਖੇ ਆਸਣ ਹਨ, ਜਿਨ੍ਹਾਂ ਦਾ ਅਭਿਆਸ ਕਰਨਾ ਬਹੁਤ ਆਸਾਨ ਹੈ ਅਤੇ ਇਨ੍ਹਾਂ ਦੇ ਅਭਿਆਸ ਵਿੱਚ ਜ਼ਿਆਦਾ ਸਮਾਂ ਵੀ ਨਹੀਂ ਲੱਗਦਾ। ਟ੍ਰੇਨਰ ਅੰਜੂ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਕੋਲ ਯੋਗਾ ਕਰਦੇ ਕਈ ਭਾਗੀਦਾਰਾਂ ਨੇ ਰੋਜਾਨਾ ਕੀਤੇ ਜਾਣ ਵਾਲੇ ਆਸਣਾਂ ਨਾਲ ਕਈ ਪੁਰਾਣੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਉਨ੍ਹਾਂ ਕਿਹਾ ਕਿ ਇਨ੍ਹਾਂ ਯੋਗਾ ਕਲਾਸਾਂ ਦਾ ਕੋਈ ਵੀ ਵਿਅਕਤੀ ਹਿੱਸਾ ਬਣ ਸਕਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕੇਵਲ ਇੱਕ ਫ਼ੋਨ ਕਾਲ ਦੇ ਜ਼ਰੀਏ ਕਿਸੇ ਵੀ ਨਵੀਂ ਥਾਂ ’ਤੇ 25 ਸਾਧਕਾਂ ਦਾ ਗਰੁੱਪ ਫ਼ੋਨ ਨੰ. 76694-00500 ’ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ। ਇਸ ਤੋਂ ਇਲਾਵਾ cmdiyogshala.punjab.gov.in ਤੇ ਜਾ ਕੇ ਵੀ ਜਾਣਕਾਰੀ ਲਈ ਜਾ ਸਕਦੀ ਹੈ।

# ਕਾਨਪੁਰ ਚ ਵਧਦੇ ਦਿਲ ਦੇ ਦੌਰੇ ਦੇ ਮਾਮਲੇ, ਸਬ ਇੰਸਪੈਕਟਰ ਨਿਤਿਨ ਨੇ CPR ਨਾਲ ਬਚਾਈ ਨੌਜਵਾਨ ਦੀ ਜਾਨ





ਕਾਨਪੁਰ ( ਸੁਨੀਲ ਬਾਜਪਾਈ) ਜੇ ਰੱਬ ਨੇ ਕਿਸੇ ਦੀ ਜਾਨ ਬਚਾਉਣੀ ਹੋਵੇ ਤਾਂ ਉਹ ਮਨੁੱਖ ਦੇ ਰੂਪ ਵਿੱਚ ਹੀ ਬਚਾਉਂਦਾ ਹੈ। ਬਰਾੜਾ ਥਾਣੇ ਦੀ ਯਾਦਵ ਮਾਰਕੀਟ ਚੌਂਕੀ ਇਲਾਕੇ ਵਿੱਚ ਇਹ ਗੱਲ ਸੱਚ ਸਾਬਤ ਹੋਈ, ਜਿੱਥੇ ਇੱਕ ਸਬ-ਇੰਸਪੈਕਟਰ ਹੀ ਇੱਕ ਨੌਜਵਾਨ ਦੀ ਦਿਲ ਦਾ ਦੌਰਾ ਪੈਣ ਕਾਰਨ ਜਾਨ ਬਚਾਉਣ ਲਈ ਰੱਬ ਬਣ ਗਿਆ। ਇਸ ਸਬ ਇੰਸਪੈਕਟਰ ਨੇ ਸੀਪੀਆਰ ਦੇ ਕੇ ਰਸਤੇ ਵਿੱਚ ਦਿਲ ਦਾ ਦੌਰਾ ਪੈਣ ਵਾਲੇ ਇਸ ਨੌਜਵਾਨ ਦੀ ਜਾਨ ਬਚਾਈ। ਜੇਕਰ ਸੀ.ਪੀ.ਆਰ ਦੇਣ ਵਿੱਚ ਕੁਝ ਮਿੰਟਾਂ ਦੀ ਵੀ ਦੇਰੀ ਹੋ ਜਾਂਦੀ ਤਾਂ ਇਸ ਨੌਜਵਾਨ ਦੀ ਜਾਨ ਬਚਾਉਣੀ ਔਖੀ ਹੋ ਸਕਦੀ ਸੀ ਪਰ ਇਸ ਤੋਂ ਪਹਿਲਾਂ ਕਿ ਅਜਿਹਾ ਕੁਝ ਵਾਪਰਦਾ ਯਾਦਵ ਮਾਰਕੀਟ ਚੌਂਕੀ ਦੇ ਇੰਚਾਰਜ ਨਿਤਿਨ ਕੁਮਾਰ ਅਤੇ ਉਨ੍ਹਾਂ ਦੀ ਟੀਮ ਨੇ ਤੁਰੰਤ ਡੀ. ਸੀ.ਪੀ.ਆਰ ਨੇ ਨੌਜਵਾਨ ਨੂੰ ਬੇਵਕਤੀ ਮੌਤ ਤੋਂ ਬਚਾ ਲਿਆ। ਲੋਕਾਂ ਦੀ ਜਾਨ ਬਚਾਉਣ ਵਿੱਚ ਰੱਬ ਵਰਗੀ ਭੂਮਿਕਾ ਨਿਭਾਉਣ ਵਾਲੀ ਪੁਲੀਸ ਦਾ ਇਹ ਕੰਮ ਵੀ ਸ਼ਲਾਘਾਯੋਗ ਨਜ਼ਰ ਆਇਆ।

ਪ੍ਰਾਪਤ ਵੇਰਵਿਆਂ ਅਨੁਸਾਰ ਘਟਨਾ ਸਮੇਂ ਇੱਕ ਨੌਜਵਾਨ ਕਿਧਰੇ ਜਾ ਰਿਹਾ ਸੀ ਅਤੇ ਦਿਲ ਦਾ ਦੌਰਾ ਪੈਣ ਕਾਰਨ ਸੜਕ ਤੇ ਬੇਹੋਸ਼ ਹੋ ਗਿਆ ਅਮਨ-ਕਾਨੂੰਨ ਦਾ ਪੱਖ ਪੂਰਿਆ ਗਿਆ ਅਤੇ ਜਨਹਿੱਤ ਦੀ ਮਜ਼ਬੂਤ ਵਿਚਾਰਧਾਰਾ ਦੇ ਅਨੁਸਾਰ, ਅਪਰਾਧੀਆਂ ਦੇ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਅਤੇ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਲਈ, ਭੜਕਾਊ, ਸੁਹਿਰਦ ਅਤੇ ਸਖ਼ਤ। -ਕਰਮਚਾਰੀ ਯਾਦਵ ਮਾਰਕੀਟ ਚੌਂਕੀ ਇੰਚਾਰਜ ਨਿਤਿਨ ਕੁਮਾਰ ਨੇ ਤੁਰੰਤ ਇਸ ਦੀ ਸੂਚਨਾ ਦਿੱਤੀ। ਉਹ ਆਪਣੀ ਟੀਮ ਨਾਲ ਮਨੋਹਰ ਨਗਰ ਬਰਾੜਾ 2 ਪਹੁੰਚੇ ਪਰ ਉਦੋਂ ਤੱਕ ਕਾਨਪੁਰ ਚ ਦਿਲ ਦੇ ਦੌਰੇ ਦੇ ਵਧਦੇ ਮਾਮਲਿਆਂ ਦਾ ਸ਼ਿਕਾਰ ਨੌਜਵਾਨ ਸੜਕ ਤੇ ਬੇਹੋਸ਼ ਹੋ ਕੇ ਡਿੱਗ ਚੁੱਕਾ ਸੀ। ਇਸ ਨੂੰ ਦੇਖਦਿਆਂ ਇਕ ਪਲ ਦੀ ਦੇਰੀ ਤੋਂ ਬਿਨਾਂ ਚੌਂਕੀ ਇੰਚਾਰਜ ਨਿਤਿਨ ਕੁਮਾਰ, ਜੋ ਕਿ ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਦੇ ਮਾਲਕ ਹਨ ਅਤੇ ਕਿਸਮਤ ਭਾਵ ਕਰਮ ਤੇ ਭਰੋਸਾ ਕਰਦੇ ਹਨ, ਨੇ ਉਸ ਨੂੰ ਸੀ.ਪੀ.ਆਰ.

ਆਖਰ ਕਿਸੇ ਦੀ ਜਾਨ ਬਚਾਉਣ ਵਰਗੀ ਲੜਾਕੂ ਰਵੱਈਆ ਅਤੇ ਦੁਨੀਆਂ ਦੇ ਸਭ ਤੋਂ ਵਧੀਆ ਪਰਉਪਕਾਰ ਵਾਲੇ ਯਾਦਵ ਮਾਰਕੀਟ ਚੌਂਕੀ ਇੰਚਾਰਜ ਨਿਤਿਨ ਕੁਮਾਰ ਦਾ ਇਹ ਸ਼ਲਾਘਾਯੋਗ ਉਪਰਾਲਾ ਨੌਜਵਾਨ ਦੀ ਜਾਨ ਬਚਾਉਣ ਵਿੱਚ ਸਫਲ ਹੋ ਗਿਆ। ਕੁੱਲ ਮਿਲਾ ਕੇ ਡਾਕਟਰ ਨੂੰ ਰੱਬ ਦਾ ਰੂਪ ਮੰਨਿਆ ਜਾਂਦਾ ਹੈ ਪਰ ਸੀਪੀਆਰ ਦੇ ਕੇ ਨੌਜਵਾਨ ਦੀ ਜਾਨ ਬਚਾਉਣ ਵਿੱਚ ਪੁਲੀਸ ਦੀ ਭੂਮਿਕਾ ਵੀ ਰੱਬ ਵਰਗੀ ਸਾਬਤ ਹੋਈ। ਉਨ੍ਹਾਂ ਦੇ ਇਸ ਸ਼ਲਾਘਾਯੋਗ ਕੰਮ ਦੀ ਵੀਡੀਓ ਵੀ ਸੋਸ਼ਲ ਮੀਡੀਆ ਤੇ ਵਾਇਰਲ ਹੋਈ ਸੀ। ਪੁਲਿਸ ਦਾ ਇਹ ਸ਼ਲਾਘਾਯੋਗ ਕੰਮ ਹਰ ਪਾਸੇ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

# ਡਿਪਟੀ ਕਮਿਸ਼ਨਰ ਵੱਲੋਂ ਮੁੜ ਵਸੇਬਾ ਕੇਂਦਰ ਅਤੇ ਸੁਵਾਮੀ ਵਿਵੇਕਾਨੰਦ ਨਸ਼ਾ ਛੁਡਾਉ ਕੇਂਦਰ ਦਾ ਦੌਰਾ

ਫਗਵਾੜਾ ( ਸੁਸ਼ੀਲ ਸ਼ਰਮਾ ) ਅੰਮ੍ਰਿਤਸਰ ਦੇ ਮੈਡੀਕਲ ਕਾਲਜ ਵਿਖੇ ਚੱਲ ਰਹੇ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਉ ਅਤੇ ਮੁੜ ਵਸੇਬਾ ਕੇਂਦਰ ਦਾ ਦੌਰਾ ਕਰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਹਦਾਇਤ ਕੀਤੀ ਕਿ ਨਸ਼ੇ ਦੇ ਪੀੜਤ ਰੋਗੀਆਂ ਦਾ ਮੁਕੰਮਲ ਇਲਾਜ ਤੱਕ ਦੇ ਪ੍ਰਬੰਧ ਹਸਪਤਾਲ ਕਰੇ, ਚਾਹੇ ਇਸ ਲਈ ਮਰੀਜ਼ ਨੂੰ ਦਾਖਲ ਰੱਖਣਾ ਪਵੇ ਜਾਂ ਘਰ ਬੈਠ ਕੇ ਦਵਾਈ ਖਾਣ ਦਾ ਪ੍ਰਬੰਧ ਹੋਵੇ। ਉਨ੍ਹਾਂ ਕਿਹਾ ਕਿ ਮੇਰੇ ਲਈ ਇਸ ਤੋਂ ਵੱਡੀ ਖੁਸ਼ੀ ਵਾਲੀ ਕੋਈ ਹੋਰ ਗੱਲ ਨਹੀਂ ਹੋ ਸਕਦੀ ਕਿ ਸਾਡੇ ਕੇਂਦਰ ਤੋਂ ਕਿਸੇ ਜਵਾਨ ਨੂੰ ਨਵੀਂ ਜਿੰਦਗੀ ਮਿਲ ਜਾਵੇ। ਇਸ ਮੌਕੇ ਸੈਂਟਰ ਇੰਚਾਰਜ ਡਾਕਟਰ ਨੀਰੂ ਬਾਲਾ ਨੇ ਦੱਸਿਆ ਕਿ ਇਸ ਕੇਂਦਰ ਵਿਚ ਨਸ਼ੇ ਤੋਂ ਪੀੜਤ ਵਿਅਕਤੀਆਂ ਨੂੰ ਦਾਖਲ ਕਰਕੇ ਇਲਾਜ ਕਰਨ ਦਾ ਪ੍ਰਬੰਧ ਹੈ ਅਤੇ ਇਸ ਲਈ 50 ਬਿਸਤਰਿਆਂ ਦਾ ਹਸਪਤਾਲ ਹੈ, ਜਿੱਥੇ ਮੈਡੀਕਲ ਕਾਲਜ ਹੋਣ ਕਾਰਨ ਹਰੇਕ ਤਰ੍ਹਾਂ ਦੇ ਡਾਕਟਰ ਦੀ ਸਹੂਲਤ ਮੌਜੂਦ ਹੈ। ਉਨਾਂ ਦੱਸਿਆ ਕਿ ਮੈਡੀਕਲ ਕਾਲਜ ਅਧੀਨ ਓਟ ਸੈਂਟਰ, ਨਸ਼ਾ ਛੁਡਾਉ ਕੇਂਦਰ ਅਤੇ ਮੁੜ ਵਸੇਬਾ ਕੇਂਦਰ ਕੰਮ ਕਰ ਰਹੇ ਹਨ ਜਿਥੇ ਰੋਜਾਨਾ ਨਸ਼ੇ ਤੋਂ ਪੀੜਤ ਵਿਅਕਤੀਆਂ ਦਾ ਇਲਾਜ ਬਿਲਕੁਲ ਮੁਫ਼ਤ ਕੀਤਾ ਜਾ ਰਿਹਾ ਹੈ। ਮਰੀਜ਼ਾਂ ਨੂੰ ਵਧੀਆ ਖਾਣਾ, ਮਨੋਵਿਗਿਆਨਕ ਡਾਕਟਰਾਂ ਦੁਆਰਾ ਕੌਂਸਲਿੰਗ, ਖੇਡਾਂ ਦਾ ਪ੍ਰਬੰਧ, ਟੈਲੀਵਿਜ਼ਨ ਆਦਿ ਦੀ ਸਹੂਲਤ ਬਿਲਕੁਲ ਮੁਫ਼ਤ ਦਿੱਤੀ ਜਾ ਰਹੀ ਹੈ ਅਤੇ ਕਰੀਬ 2 ਕਰੋੜ ਰੁਪਏ ਦਾ ਸਲਾਨਾ ਖਰਚ ਇਸ ਕੇਂਦਰ ਉਤੇ ਸਰਕਾਰ ਕਰ ਰਹੀ ਹੈ। ਉਨਾਂ ਦੱਸਿਆ ਕਿ ਸੈਂਟਰ ਵਿੱਚ ਕੌਂਸਲਰਜ਼ ਦੀ ਵੀ ਮੌਜੂਦ ਹਨ, ਜੋ ਕਿ ਨਸ਼ਾ ਪੀੜਤਾਂ ਨਾਲ ਕੌਂਸਲਿੰਗ ਕਰਕੇ ਨਸ਼ਾ ਛੱਡਣ ਲਈ ਪ੍ਰੇਰਿਤ ਕਰਦੇ ਹਨ।



ਡਿਪਟੀ ਕਮਿਸ਼ਨਰ ਨੇ ਜਿਲ੍ਹੇ ਦੇ ਸਾਰੇ ਜਾਗਰੂਕ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਆਪਣੇ, ਗਵਾਂਢੀ ਜਾਂ ਜਾਣਕਾਰ ਦੇ ਬੱਚੇ ਜੋ ਕਿ ਬੁਰੀ ਸੰਗਤ ਕਾਰਨ ਨਸ਼ੇ ਦੇ ਆਦੀ ਹੋ ਗਏ ਹਨ, ਨੂੰ ਨਵਾਂ ਜੀਵਨ ਦੇਣ ਲਈ ਇਸ ਕੇਂਦਰ ਦੀ ਸੇਵਾ ਬਿਲਕੁਲ ਮੁਫ਼ਤ ਲੈ ਸਕਦੇ ਹਨ। ਉਨ੍ਹਾਂ ਰੈਡ ਕ੍ਰਾਸ ਨੂੰ ਹਦਾਇਤ ਕੀਤੀ ਕਿ ਇੱਥੇ ਦਾਖਲ ਮਰੀਜ਼ਾਂ ਦੀ ਆਰਥਿਕ ਸਹਾਇਤਾ ਲਈ ਰੈਡ ਕ੍ਰਾਸ ਸਹਿਯੋਗ ਦੇਵੇ। ਇਸ ਮੌਕੇ ਸਹਾਇਕ ਕਮਿਸ਼ਨਰ ਮੈਡਮ ਸੋਨਮ ਅਤੇ ਹੋਰ ਅਧਿਕਾਰੀ ਵੀ ਨਾਲ ਸਨ।

# ਨੋਜਵਾਨ ਸਭਾ ਭਗਤਪੁਰਾ ਫਗਵਾੜਾ ਵਲੋਂ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ, ਮਾਤਾ ਗੁਜਰੀ ਜੀ ਦੀਆਂ ਅਦੁੱਤੀ ਸ਼ਹਾਦਤਾਂ ਨੂੰ ਸਮਰਪਿਤ ਦੁੱਧ ਰਸ ਬਿਸਕੁਟ ਦਾ ਲੰਗਰ ਲਗਾਇਆ ਗਿਆ



ਫਗਵਾੜਾ (ਸੁਸ਼ੀਲ ਸ਼ਰਮਾ ) ਨੋਜਵਾਨ ਸਭਾ ਭਗਤਪੁਰਾ ਫਗਵਾੜਾ ਵਲੋਂ ਸਮੂਹ ਇਲਾਕਾ ਭਗਤਪੁਰਾ ਵਸਨੀਕਾਂ ਦੇ ਸਹਿਯੋਗ ਨਾਲ ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਅਤੇ ਉਨ੍ਹਾਂ ਦੇ ਪਰਮ ਸਤਿਕਾਰਯੋਗ ਮਾਤਾ ਜੀ ਮਾਤਾ ਗੁਜਰੀ ਜੀ ਦੀਆਂ ਅਦੁੱਤੀ ਸ਼ਹਾਦਤਾਂ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਤਪੁਰਾ ਝਾਂਕੀ ਰੋਡ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਪਾਠ ਕਰਕੇ ਭੋਗ ਪਾਏ ਗਏ ਇਸ ਤੋਂ ਉਪਰੰਤ ਦੁੱਧ, ਰਸ,, ਬਿਸਕੁਟ ਦਾ ਲੰਗਰ ਲਗਾਇਆ ਗਿਆ ਇਸ ਮੌਕੇ ਚਰਨਜੀਤ ਕੌਰ , ਗੁਰਕੀਰਤ ਸਿੰਘ , ਬਲਜੀਤ ਕੌਰ , ਬੀਬੀ ਸਰਬਜੀਤ ਕੌਰ ਸਾਬਕਾ ਕੌਂਸਲਰ , ਅਮਰੀਕ ਸਿੰਘ ਨੀਲਾ , ਡਾ ਰਮਨ ਸ਼ਰਮਾ ਸਮਾਜ ਸੇਵੀ , ਗੁਰਦਿਆਲ ਸਿੰਘ ਨੰਨੜਾ , ਨਰਿੰਦਰ ਪਾਲ ਸਿੰਘ ਮਾਹੀ , ਕੌਂਸਲਰ ਪ੍ਰਿਤਪਾਲ ਕੋਰ ਤੁਲੀ , ਕੌਂਸਲਰ ਜਸਦੇਵ ਸਿੰਘ , ਟਿੰਕੂ ਕੁਮਾਰ , ਸ਼ਿਵ ਰੁਧਰਾ, ਸਾਹਿਲ , ਅਦਿੱਤਿਆ ਤੋਂ ਇਲਾਵਾ ਸਮੂਹ ਸੰਗਤਾਂ ਮੌਜੂਦ ਸਨ

# ਡਿਵਾਈਨ ਪਬਲਿਕ ਸਕੂਲ ਦੇ ਸਾਲਾਨਾ ਇਨਾਮ ਵੰਡ ਸਮਾਗਮ 'ਚ ਵਿਦਿਆਰਥੀਆਂ ਨੇ ਦਿੱਤੀਆਂ ਰੰਗਾਰੰਗ ਪੇਸ਼ਕਾਰੀਆਂ

ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਵਾਈਨ ਪਬਲਿਕ ਸਕੂਲ ਫਗਵਾੜਾ ਵਿਖੇ ਸਲਾਨਾ ਇਨਾਮ ਵੰਡ ਸਮਾਗਮ ਪ੍ਰਿੰਸੀਪਲ ਰੇਨੂ ਠਾਕੁਰ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਸਕੂਲ ਚੇਅਰਮੈਨ ਪੰਕਜ ਕਪੂਰ ਨੇ ਕੀਤੀ। ਇਸ ਪ੍ਰੋਗਰਾਮ ਵਿੱਚ ਸ੍ਰੀਮਤੀ ਰੇਖਾ ਕਪੂਰ, ਅਮਨਦੀਪ ਕੁਮਾਰ ਸਰਪੰਚ ਮੌਲੀ ਅਤੇ ਬਲੱਡ ਬੈਂਕ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਸਕੂਲ ਸਟਾਫ਼ ਵੱਲੋਂ ਮੁੱਖ ਮਹਿਮਾਨਾਂ ਦਾ ਸਵਾਗਤ ਗੁਲਦਸਤੇ ਭੇਂਟ ਕਰਕੇ ਕੀਤਾ ਗਿਆ। ਉਪਰੰਤ ਪਤਵੰਤਿਆਂ ਨੇ ਸ਼ਮਾਂ ਰੌਸ਼ਨ ਕਰਨ ਦੀ ਰਸਮ ਨਿਭਾਈ। ਸਮਾਗਮ ਦੀ ਸ਼ੁਰੂਆਤ ਪੇਰੈਂਟਿੰਗ ਥੀਮ ਤਹਿਤ ਸ਼੍ਰੀ ਗਣੇਸ਼ ਵੰਦਨਾ ਨਾਲ ਹੋਈ। ਵਿਦਿਆਰਥੀਆਂ ਨੇ ਪਰਿਵਾਰਕ ਰਿਸ਼ਤਿਆਂ 'ਤੇ ਲਘੂ ਨਾਟਕ, ਗੀਤ, ਲੋਕ ਨਾਚ, ਸ਼ਬਦ ਗਾਇਨ, ਗਿੱਧਾ ਅਤੇ ਭੰਗੜਾ ਦੀਆਂ ਬਹੁਤ ਹੀ ਖੂਬਸੂਰਤ ਪੇਸ਼ਕਾਰੀਆਂ ਦੇ ਨਾਲ ਹਾਜਰੀਨ ਦੀ ਵਾਹ-ਵਾਹੀ ਖੱਟੀ। ਇਸ ਦੌਰਾਨ ਮੁੱਖ ਮਹਿਮਾਨਾਂ ਨੇ ਸਕੂਲ ਵਿੱਚ ਸਾਲ ਦੌਰਾਨ ਕਰਵਾਈਆਂ ਗਈਆਂ ਖੇਡ ਅਤੇ ਵਿੱਦਿਅਕ ਗਤੀਵਿਧੀਆਂ ਦੇ ਜੇਤੂਆਂ ਨੂੰ ਇਨਾਮ ਵੰਡਦੇ ਹੋਏ ਆਪਣੇ ਸੰਦੇਸ਼ ਵਿੱਚ ਤਨਦੇਹੀ ਨਾਲ ਪੜ੍ਹਾਈ ਕਰਨ ਅਤੇ ਹੋਰ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਬੱਚਿਆਂ ਨੂੰ ਸੰਸਕਾਰਿਤ ਅਤੇ ਸਫਲ ਨਾਗਰਿਕ ਬਣਨ ਦਾ ਆਸ਼ੀਰਵਾਦ ਵੀ ਦਿੱਤਾ। ਇਸ ਤੋਂ ਪਹਿਲਾਂ ਪ੍ਰਿੰਸੀਪਲ ਰੇਨੂ ਠਾਕੁਰ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ। ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਵਿਦਿਆਰਥੀਆਂ ਨੂੰ ਪਰਿਵਾਰਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਪਰਿਵਾਰ ਦਾ ਸਾਥ ਮੁਸੀਬਤਾਂ ਨਾਲ ਲੜਨ ਦੀ ਹਿੰਮਤ ਪ੍ਰਦਾਨ ਕਰਦਾ ਹੈ। ਇਸ ਮੌਕੇ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਤੋਂ ਇਲਾਵਾ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਡਾ. ਅੰਬੇਡਕਰ ਬਾਰੇ ਗਲਤ ਸ਼ਬਦਾਵਲੀ ਵਰਤਣ ਵਾਲੇ ਗ੍ਰਹਿ ਮੰਤਰੀ ਅਮਿਤ ਸ਼ਾਹ ਅਸਤੀਫਾ ਦੇਣ - ਕਰਮਜੀਤ ਬਿੱਟੂ



ਫਗਵਾੜਾ ( ਸੁਸ਼ੀਲ ਸ਼ਰਮਾ ) ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਜਿਲ੍ਹਾ ਸਕੱਤਰ ਕਰਮਜੀਤ ਸਿੰਘ ਬਿੱਟੂ ਨੇ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਸੰਸਦ ਵਿਚ ਆਪਣੀ ਸਪੀਚ ਦੌਰਾਨ ਬੀਤੇ ਦਿਨੀਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਬਾਰੇ ਇਤਰਾਜਯੋਗ ਸ਼ਬਦਾਂ ਦੀ ਵਰਤੋਂ ਕਰਨ ਨੂੰ ਮੰਦਭਾਗਾ ਅਤੇ ਨਿੰਦਣਯੋਗ ਦੱਸਿਆ ਹੈ। ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦੁਨੀਆ ਦੇ ਬੁੱਧੀਜੀਵੀਆਂ ਵਿਚ ਛੇਵਾਂ ਸਥਾਨ ਰੱਖਦੇ ਹਨ। ਜਿਹਨਾਂ ਨੇ 32 ਡਿਗਰੀਆਂ ਪ੍ਰਾਪਤ ਕੀਤੀਆਂ ਅਤੇ 30 ਹਜਾਰ ਕਿਤਾਬਾਂ ਪੜ੍ਹੀਆਂ ਹਨ। ਇਹੀ ਨਹੀਂ ਉਹਨਾਂ ਨੇ ਭਾਰਤ ਦੇ ਸੰਵਿਧਾਨ ਦੀ ਰਚਨਾ ਕਰਦੇ ਸਮੇਂ ਔਰਤਾਂ ਅਤੇ ਹਰੇਕ ਜਾਤੀ ਦੇ ਪਿਛੜੇ ਤੇ ਗਰੀਬ ਲੋਕਾਂ ਲਈ ਸਮਾਨਤਾ ਦੇ ਅਧਿਕਾਰ ਨੂੰ ਯਕੀਨੀ ਬਣਾਇਆ ਹੈ। ਬਿੱਟੂ ਨੇ ਕਿਹਾ ਕਿ ਅਜਿਹੀ ਵਿਲੱਖਣ ਸ਼ਖਸੀਅਤ ਬਾਰੇ ਇਤਰਾਜਯੋਗ ਸ਼ਬਦਾਂ ਦੀ ਵਰਤੋਂ ਬਿਲਕੁਲ ਬਰਦਾਸ਼ਤ ਕਕਰਨ ਯੋਗ ਨਹੀਂ ਹੈ। ਇਸ ਲਈ ਉਹਨਾਂ ਨੇ ਜਿੱਥੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ ਕੀਤੀ ਉੱਥੇ ਹੀ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੂੰ ਵੀ ਅਪੀਲ ਕੀਤੀ ਕਿ ਕੇਂਦਰ ਦੀ ਭਾਜਪਾ ਸਰਕਾਰ ਨੂੰ ਇੱਸ ਮੁੱਦੇ ਲਈ ਤਲਬ ਕਰਕੇ ਜਵਾਬਦੇਹ ਬਣਾਇਆ ਜਾਵੇ।

# ਇੱਕ ਦਿਨ ਦੀ ਡਿਪਟੀ ਕਮਿਸ਼ਨਰ ਬਣੀ ਭਾਨਵੀ

ਫ਼ਗਵਾੜਾ (ਸੁਸ਼ੀਲ ਸ਼ਰਮਾ) ਛੇਵੀਂ ਜਮਾਤ ਵਿੱਚ ਪੜਦੀ ਬੱਚੀ ਭਾਨਵੀ, ਜਿਸ ਨੂੰ ਵੱਡੇ ਹੋ ਕੇ ਸਿਵਲ ਸਰਵਿਸ ਦੀ ਪ੍ਰੀਖਿਆ ਪਾਸ ਕਰਕੇ ਡਿਪਟੀ ਕਮਿਸ਼ਨਰ ਲੱਗਣ ਦਾ ਸ਼ੌਕ ਹੈ। ਉਸ ਨੇ ਜਦ ਹਿੰਮਤ ਕਰਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨਾਲ ਫੋਨ ਉੱਤੇ ਗੱਲਬਾਤ ਕੀਤੀ ਤਾਂ ਉਹਨਾਂ ਨੇ ਬੜੀ ਫਰਾਖਦਿਲੀ ਵਿਖਾਉਂਦੇ ਹੋਏ ਉਸ ਨੂੰ ਆਪਣੇ ਦਫਤਰ ਸੱਦਿਆ ਅਤੇ ਡਿਪਟੀ ਕਮਿਸ਼ਨਰ ਦੀ ਕੁਰਸੀ ਉੱਤੇ ਬਿਠਾ ਕੇ ਇੱਕ ਦਿਨ ਦਾ ਡਿਪਟੀ ਕਮਿਸ਼ਨਰ ਕਹਿੰਦੇ ਹੋਏ ਸਾਰੀਆਂ ਜਿੰਮੇਵਾਰੀਆਂ ਸਮਝਾਈਆਂ। ਦੱਸਣ ਯੋਗ ਹੈ ਕਿ ਉਕਤ ਬੱਚੀ ਭਾਨਵੀ ਛੇਵੀਂ ਵਿਦਿਆਰਥਣ ਹੈ ਅਤੇ ਉਸ ਦੀ ਇੱਛਾ ਦੇਸ਼ ਲਈ ਕੁਝ ਕਰ ਗੁਜਰਨ ਦੀ ਹੈ, ਜਿਸ ਲਈ ਉਹ ਸਿਵਿਲ ਸਰਵਿਸ ਦੀ ਪ੍ਰੀਖਿਆ ਪਾਸ ਕਰਨਾ ਚਾਹੁੰਦੀ ਹੈ । ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਹਨੀ ਨੇ ਪਹਿਲਾਂ ਹੀ ਇਹ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਕਿ ਜੋ ਵੀ ਬੱਚੇ ਆਪਣੇ ਭਵਿੱਖ ਦਾ ਸੁਪਨਾ ਲੈਂਦੇ ਹਨ, ਉਹਨਾਂ ਨੂੰ ਸੁਪਨਾ ਪੂਰਾ ਕਰਨ ਲਈ ਮੁਢਲੀ ਜਾਣਕਾਰੀ ਤੋਂ ਇਲਾਵਾ ਜੋ ਵੀ ਸਿੱਖਿਆ ਚਾਹੀਦੀ ਹੋਵੇ ਉਹ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ ।

ਅੱਜ ਉਹਨਾਂ ਨੇ ਉਕਤ ਬੱਚੀ ਨੂੰ ਆਪਣੇ ਮਾਪਿਆਂ ਨਾਲ ਦਫਤਰ ਆਉਣ ਦਾ ਸੱਦਾ ਦਿੱਤਾ ਅਤੇ ਆਪਣੀ ਗੱਡੀ ਭੇਜ ਕੇ ਬੱਚੀ ਨੂੰ ਮਾਪਿਆਂ ਸਮੇਤ ਦਫਤਰ ਬੁਲਾਇਆ, ਜਿੱਥੇ ਉਹਨਾਂ ਨੇ ਬੱਚੀ ਨੂੰ ਡਿਪਟੀ ਕਮਿਸ਼ਨਰ ਦੀਆਂ ਜਿੰਮੇਵਾਰੀਆਂ, ਸਮਾਜ ਦੀਆਂ ਲੋੜਾਂ, ਸਿਵਿਲ ਸਰਵਿਸ ਦੀ ਪ੍ਰੀਖਿਆ ਪਾਸ ਕਰਨ ਲਈ ਯੋਗਤਾ ਅਤੇ ਪੜ੍ਹਾਈ ਲਈ ਕੀਤੀ ਜਾਣ ਵਾਲੀ ਮਿਹਨਤ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ । ਉਨਾਂ ਇਸ ਉਪਰੰਤ ਉਕਤ ਬੱਚੀ ਨੂੰ ਆਪਣੀ ਕੁਰਸੀ ਉੱਤੇ ਬਿਠਾ ਕੇ ਇੱਕ ਦਿਨ ਦਾ ਡਿਪਟੀ ਕਮਿਸ਼ਨਰ ਥਾਪਦੇ ਹੋਏ ਡਿਪਟੀ ਕਮਿਸ਼ਨਰ ਵੱਲੋਂ ਕੀਤੀਆਂ ਜਾਣ ਵਾਲੀਆਂ ਵੀਡੀਓ ਕਾਨਫਰੰਸ, ਮੀਟਿੰਗਾਂ ਆਦਿ ਦਾ ਵੀ ਅਨੁਭਵ ਕਰਾਇਆ।



# ਕਰੀਏਟਿਵ ਏਜ ਅਕੈਡਮੀ ਵਿੱਚ ਮਨਾਇਆ ਗਿਆ ਕ੍ਰਿਸਮਸ ਦਾ ਤਿਉਹਾਰ ਮਨਾਇਆ ਗਿਆ।

ਫਗਵਾੜਾ- :- (ਸੁਸ਼ੀਲ ਸ਼ਰਮਾ )ਅੱਜ ਕ੍ਰਿਏਟਿਵ ਏਜ ਅਕੈਡਮੀ ਹਦੀਆਬਾਦ ਰੋਡ ਫਗਵਾੜਾ ਵਿਖੇ ਕ੍ਰਿਸਮਿਸ ਦਾ ਤਿਉਹਾਰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਵਾਰਡ ਨੰਬਰ 49 ਦੀ ਮਹਿਲਾ ਕੌਂਸਲਰ ਮੈਡਮ ਨੇਹਾ ਓਹਰੀ ਜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਸਮਾਜ ਸੇਵੀ ਅੰਕੁਸ਼ ਓਹਰੀ ਅਤੇ ਅਰੁਣਜੀਤ ਸਿੰਘ ਸਾਬੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ । ਪ੍ਰੋਗਰਾਮ ਦੀ ਸ਼ੁਰੂਆਤ ਮਹਿਮਾਨਾਂ ਵੱਲੋਂ ਰੀਬਨ ਕੱਟ ਕੇ ਕੀਤੀ ਗਈ। ਬੱਚਿਆਂ ਨੇ ਮਹਿਮਾਨਾਂ ਅਤੇ ਸਾਂਤਾ ਕਲਾਜ਼ ਨੂੰ ਗੁਲਦਸਤੇ ਭੇਂਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਅਕੈਡਮੀ ਦੇ ਡਾਇਰੈਕਟਰ ਮੈਡਮ ਦੀਕਸ਼ਾ ਗਾਂਧੀ ਨੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਕ੍ਰਿਸਮਸ ਦਾ ਦਿਨ ਪੂਰੀ ਦੁਨੀਆ ਵਿਚ ਈਸਾ ਮਸੀਹ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਹੈ ਅਤੇ ਭਾਰਤ ਵਿਚ ਵੀ ਅਸੀਂ ਕ੍ਰਿਸਮਿਸ ਦਿਵਸ ਨੂੰ ਵੱਡੇ ਦਿਨ ਵਜੋਂ ਮਨਾਉਂਦੇ ਹਾਂ ਅਤੇ ਉਨ੍ਹਾਂ ਨੇ ਹਾਜ਼ਰੀਨ ਨੂੰ ਪ੍ਰਭੂ ਅੱਗੇ ਅਰਦਾਸ ਕਰਨ ਦੀ ਅਪੀਲ ਕੀਤੀ ਅਤੇ ਯਿਸੂ ਮਸੀਹ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਰੰਗ-ਬਿਰੰਗੀਆਂ ਪੁਸ਼ਾਕਾਂ ਪਾ ਕੇ ਬੱਚਿਆਂ ਵੱਲੋਂ ਸ਼ਾਨਦਾਰ ਡਾਂਸ ਪੇਸ਼ ਕੀਤਾ ਗਿਆ। ਬੱਚਿਆਂ ਨੇ ਕੇਕ ਕੱਟਣ ਦੀ ਰਸਮ ਦਾ ਵੀ ਖੂਬ ਆਨੰਦ ਮਾਣਿਆ। ਬੱਚਿਆਂ ਨੇ ਕੈਰੋਲ ਸਿੰਗਿੰਗ ਅਤੇ ਹੋਰ ਪੇਸ਼ਕਾਰੀਆਂ ਦੇ ਨਾਲ-ਨਾਲ 'ਜਿੰਗਲ ਬੈੱਲ-ਜਿੰਗਲ ਬੈੱਲ' ਗਾ ਕੇ ਅਕੈਡਮੀ ਕੈਂਪਸ ਵਿੱਚ ਕ੍ਰਿਸਮਿਸ ਦਾ ਪੂਰਾ ਮਾਹੌਲ ਸਿਰਜਿਆ। ਬੱਚਿਆਂ ਨੇ ਕ੍ਰਿਸਮਸ ਟ੍ਰੀ ਨੂੰ ਆਪਣੇ ਹੱਥਾਂ ਨਾਲ ਸਜਾਇਆ। ਅੰਤ ਵਿੱਚ ਅਕੈਡਮੀ ਦੇ ਵਿਹੜੇ ਵਿੱਚ ਸੈਂਟਾ ਕਲਾਜ਼ ਵੱਲੋਂ ਬੱਚਿਆਂ ਨੂੰ ਟੌਫੀਆਂ, ਚਾਕਲੇਟਾਂ, ਗੁਬਾਰੇ ਅਤੇ ਹੋਰ ਕਈ ਤੋਹਫ਼ੇ ਵੰਡੇ ਗਏ। ਮੁੱਖ ਮਹਿਮਾਨ ਨੇਹਾ ਓਹਰੀ ਜੀ ਨੇ ਅਕੈਡਮੀ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਬੱਚਿਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਾਰਿਆਂ ਨੂੰ ਕ੍ਰਿਸਮਿਸ ਅਤੇ ਨਵੇਂ ਸਾਲ ਦੀ ਵਧਾਈ ਦਿੱਤੀ। ਅਕੈਡਮੀ ਦੇ ਪ੍ਰਬੰਧਕ ਅਸ਼ੀਸ਼ ਗਾਂਧੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕ੍ਰਿਸਮਸ ਦਿਵਸ ਆਪਸੀ ਪਿਆਰ ਅਤੇ ਸੇਵਾ ਦੀ ਪ੍ਰੇਰਨਾ ਹੈ ਕਿਉਂਕਿ ਪ੍ਰਭੂ ਯੀਸ਼ੂ ਅਨੁਸਾਰ ਸੇਵਾ ਰਾਹੀਂ ਹੀ ਪਿਆਰ ਝਲਕਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸਭ ਨੂੰ ਕ੍ਰਿਸਮਸ ਦੇ ਤਿਉਹਾਰ ਦੀ ਵਧਾਈ ਦਿੱਤੀ। ਇਸ ਦੌਰਾਨ ਸਮੂਹ ਸਟਾਫ਼ ਮੈਂਬਰ ਅਤੇ ਬੱਚੇ ਹਾਜ਼ਰ ਸਨ।




ਰੋਜ਼ਾਨਾ ਲੋਕ ਬਾਣੀ
www.lokbani

# ਪੰਜ ਸਾਲਾਂ ਵਿੱਚ ਦੋ ਲੱਖ ਨਵੇਂ ਪੀਏਸੀਐਸ ਬਣਾਉਣ ਦਾ ਟੀਚਾ ਸਮੇਂ ਤੋਂ ਪਹਿਲਾਂ ਪ੍ਰਾਪਤ ਕੀਤਾ ਜਾਵੇਗਾ: ਅਮਿਤ ਸ਼ਾਹ



ਲੁਧਿਆਣਾ/ਜਲੰਧਰ : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ 10,000 ਨਵੀਆਂ ਬਣਾਈਆਂ ਮਲਟੀਪਰਪਜ਼ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੁਸਾਇਟੀਆਂ ਯਾਨੀ ਪੀਏਸੀਐਸ ਡੇਅਰੀ ਅਤੇ ਮੱਛੀ ਪਾਲਣ ਸਹਿਕਾਰੀ ਸਭਾਵਾਂ ਦੀ ਸ਼ੁਰੂਆਤ ਕੀਤੀ। ਦੇਸ਼ ਦੇ ਤਿੰਨ-ਪੱਧਰੀ ਸਹਿਕਾਰੀ ਢਾਂਚੇ ਨੂੰ ਸਿਰਫ਼ ਪ੍ਰਾਇਮਰੀ ਸਹਿਕਾਰੀ ਸਭਾ ਹੀ ਸਭ ਤੋਂ ਵੱਧ ਤਾਕਤ ਦੇ ਸਕਦੀ ਹੈ, ਇਸ ਲਈ ਮੋਦੀ ਸਰਕਾਰ ਨੇ 2 ਲੱਖ ਨਵੇਂ ਪੀਏਸੀਐਸ ਬਣਾਉਣ ਦਾ ਫੈਸਲਾ ਕੀਤਾ ਸੀ। ਨਾਬਾਰਡ, ਐਨਡੀਡੀਬੀ ਅਤੇ ਐਨਐਫਡੀਬੀ ਨੇ 10 ਹਜ਼ਾਰ ਪ੍ਰਾਇਮਰੀ ਸਹਿਕਾਰੀ ਸਭਾਵਾਂ ਦੀ ਰਜਿਸਟ੍ਰੇਸ਼ਨ ਵਿੱਚ ਵੱਡੀ ਭੂਮਿਕਾ ਨਿਭਾਈ ਹੈ । ਮੋਦੀ-ਸ਼ਾਹ ਦੀ ਜੋੜੀ ਆਰਥਿਕਤਾ ਦਾ ਮਜ਼ਬੂਤ ਥੰਮ੍ਹ, 70 ਸਾਲਾਂ ਤੋਂ ਹਾਸ਼ੀਏ ਤੇ ਪਏ ਸਹਿਯੋਗ ਨੂੰ ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ। 75 ਸਾਲਾਂ ਵਿੱਚ ਪਹਿਲੀ ਵਾਰ, ਪ੍ਰਸਿੱਧ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਹਿਯੋਗ ਰਾਹੀਂ ਖੁਸ਼ਹਾਲੀ ਲਈ ਦੇਸ਼ ਵਿੱਚ ਇੱਕ ਵੱਖਰਾ ਸਹਿਕਾਰਤਾ ਮੰਤਰਾਲਾ ਬਣਾਉਣ ਦਾ ਬੇਮਿਸਾਲ ਫੈਸਲਾ ਲਿਆ ਅਤੇ ਇਸਦੀ ਕਮਾਨ ਭਾਰਤੀ ਰਾਜਨੀਤੀ ਦੇ ਚਾਣਕਯ ਅਤੇ ਬਜ਼ੁਰਗ ਨੇਤਾ ਅਮਿਤ ਸ਼ਾਹ ਨੂੰ ਸੌਂਪ ਦਿੱਤੀ। ਜਿਸ ਨੇ ਭਾਰਤੀ ਰਾਜਨੀਤੀ ਨੂੰ ਸਕਾਰਾਤਮਕ ਢੰਗ ਨਾਲ ਪਰਿਭਾਸ਼ਿਤ ਕਰਕੇ ਦੇਸ਼ ਨੂੰ ਵਿਕਾਸ ਅਤੇ ਤਰੱਕੀ ਦੇ ਰਾਹ ਤੇ ਤੋਰਿਆ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਵੈ-ਨਿਰਭਰ ਭਾਰਤ ਦੇ ਸੰਕਲਪ ਨੂੰ ਹੁਲਾਰਾ ਦੇਣ ਲਈ ਪੇਂਡੂ ਅਰਥਚਾਰੇ ਦੀ ਰੀੜ੍ਹ ਦੀ ਹੱਡੀ ਸਹਿਕਾਰਤਾ ਨੂੰ ਨਵਾਂ ਰੂਪ ਦੇਣ ਦਾ ਸੰਕਲਪ ਲਿਆ ਹੈ। ਸਹਿਕਾਰੀ ਖੇਤਰ ਲਈ ਮੋਦੀ-ਸ਼ਾਹ ਦੀਆਂ ਰਣਨੀਤੀਆਂ ਜਿੱਥੇ ਸਹਿਕਾਰੀ ਲਹਿਰ ਨੂੰ ਨਵਾਂ ਪੱਧਰ ਪ੍ਰਦਾਨ ਕਰ ਰਹੀਆਂ ਹਨ, ਉੱਥੇ ਹੀ ਸਹਿਕਾਰੀ ਸਭਾਵਾਂ ਲਈ 'ਈਜ਼ ਆਫ਼ ਡੂਇੰਗ ਬਿਜ਼ਨਸ' ਦੀਆਂ ਪ੍ਰਕਿਰਿਆਵਾਂ ਨੂੰ ਵੀ ਸੁਚਾਰੂ ਬਣਾਇਆ ਜਾ ਰਿਹਾ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਖ਼ਾਲਸਾ ਕਾਲਜ ਡੁਮੇਲੀ ਤੋਂ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਵਿਸ਼ਾਲ ਚੇਤਨਾ ਮਾਰਚ

ਫਗਵਾੜਾ-: (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਡੁਮੇਲੀ ਵਿਖੇ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਚਲਾਏ ਗਏ ਧਾਰਮਿਕ ਸਮਾਗਮਾਂ ਦੀ ਲੜੀ ਅਧੀਨ ਧਾਰਮਿਕ ਸਮਾਗਮ ਤੇ ਗੁਰਮਤ ਮਾਰਚ ਕੱਢਿਆ ਗਿਆ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਦੇ ਦੁਆਰਾ ਜਪੁਜੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ ।ਧਾਰਮਿਕ ਗਤਿਵਿਧੀਆਂ ਦੇ ਇੰਚਾਰਜ ਪ੍ਰੋਫੈਸਰ ਦਮਨਜੀਤ ਕੌਰ ਦੁਆਰਾ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਇਤਿਹਾਸ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਇਸ ਉਪਰੰਤ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਪਿੰਡ ਡੁਮੇਲੀ ਵਿੱਚ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸੰਬੰਧਿਤ ਬੈਨਰਾਂ ਨਾਲ ਗੁਰਮਤਿ ਮਾਰਚ ਕੱਢਿਆ ਗਿਆ , ਜਿਸ ਦੌਰਾਨ ਵਿਦਿਆਰਥੀਆਂ ਨੇ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸੰਬੰਧਿਤ ਸਲੋਗਨ ਅਤੇ ਸ਼ਬਦਾਂ ਦਾ ਗਾਇਨ ਕੀਤਾ। ਮਾਰਚ ਉਪਰੰਤ ਕਾਲਜ ਪ੍ਰਿੰਸੀਪਲ ਡਾਕਟਰ ਗੁਰਨਾਮ ਸਿੰਘ ਰਸੂਲਪੁਰ ਜੀ ਦੁਆਰਾ ਕਾਲਜ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਇਹ ਸ਼ਲਾਘਾਯੋਗ ਕਦਮ ਹੈ ਜਿਸ ਰਾਹੀਂ ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਿਆ ਜਾ ਰਿਹਾ ਹੈ।ਇਸ ਗੁਰਮਤ ਮਾਰਚ ਵਿੱਚ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਨੇ ਕੇਸਰੀ ਦੁਪੱਟੇ ਅਤੇ ਦਸਤਾਰਾਂ ਪਹਿਨ ਕੇ ਖ਼ਾਲਸਾਈ ਮਾਹੌਲ ਦੀ ਸਿਰਜਣਾ ਕੀਤੀ। ਚੇਤਨਾ ਮਾਰਚ ਵਿੱਚ ਕਾਲਜ ਦੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਵੀ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਪ੍ਰੋਫੈਸਰ ਦਮਨਜੀਤ ਕੌਰ ਦੁਆਰਾ ਮਾਤਾ ਗੁਜਰ ਕੌਰ , ਚਾਰ ਸਾਹਿਬਜ਼ਾਦਿਆਂ ਅਤੇ ਸਮੂਹ ਸ਼ਹੀਦਾਂ ਦੀ ਲਸਾਨੀ ਸ਼ਹਾਦਤ ਨੂੰ ਯਾਦ ਕਰਵਾਇਆ ਗਿਆ ਤੇ ਕਿਹਾ ਗਿਆ ਕਿ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਇਸ ਮੌਕੇ ਸਮੂਹ ਇਲਾਕਾ ਨਿਵਾਸੀ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।




ਰੋਜ਼ਾਨਾ ਲੋਕ ਬਾਣੀ
www.lokbani

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565